**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ੍ਰੀ ਹਰਵਿੰਦਰ ਸਿੰਘ ਪੁੱਤਰ ਸ੍ਰੀ ਲਾਲ ਸਿੰਘ,(8284817878)
ਪਿੰਡ ਫੀਡੇ ਖੁਰਦ, ਡਾਕਖਾਨਾ ਵਾਂਡਰ ਜਨਤਾ, ਤਹਿਸੀਲ ਕੋਟ ਕਪੂਰਾ,
ਜ਼ਿਲ੍ਹਾ ਫਰੀਦਕੋਟ --------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਕਮਿਸ਼ਨਰ, ਫਰੀਦਕੋਟ ਡਵਿਜਨ, ਫਰੀਦਕੋਟ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਕਮਿਸ਼ਨਰ, ਫਰੀਦਕੋਟ ਡਵਿਜਨ, ਫਰੀਦਕੋਟ। ----------ਉੱਤਰਦਾਤਾ

**ਅਪੀਲਾ ਕੇਸ ਨੰ: 4308 ਆਫ 2019**

**ਹਾਜ਼ਰ:**

1. ਅਪੀਲਕਰਤਾ ਵਲੋ ਕੋਈ ਨਹੀਂ।
2. ਉੱਤਰਦਾਤਾ (ਲੋਕ ਸੂਚਨਾ ਅਫਸਰ) ਵਲੋਂ ਸ੍ਰੀ ਮਨਜੀਤ ਸਿੰਘ,ਜੂਨੀਅਰ ਸਹਾਇਕ (9501699233)।

**ਹੁਕੱਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 13-7-2019 , ਲੋਕ ਸੂਚਨਾ ਅਧਿਕਾਰੀ ਦਫਤਰ ਕਮਿਸ਼ਨਰ, ਫਰੀਦਕੋਟ ਡਵਿਜਨ, ਫਰੀਦਕੋਟ ਨੂੰ ਪੇਸ਼ ਕੀਤਾ ਗਿਆ ਜਿਸ ਰਾਹੀਂ ਉਸ ਨੇ ਚਕੌਤੇ ਦੀ ਰਸੀਦ ਸੀਜਨ 1976-77 ਦੀ ਤਸਦੀਕ ਸੁਦਾ ਨਕਲ ਸਪਲਾਈ ਨਾ ਕਰਨ ਨਾਲ ਸਬੰਧਤ 17 ਨੁਕਤਿਆਂ ਸਬੰਧੀ ਸੂਚਨਾ ਮੰਗੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸਹੀ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 18-08-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 19-11-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ। ਇਸ ਅਪੀਲ ਕੇਸ ਨੂੰ ਪੜਚੋਲਣ ਉਪਰੰਤ ਮਿਤੀ 23-12-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 05-02-2020 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ ।

2. ਅਪੀਲਕਰਤਾ ਵਲੋਂ ਕੋਈ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਹਾਜ਼ਰ ਨਾ ਹੋਣ ਬਾਰੇ ਕੋਈ ਸੂਚਨਾ ਪ੍ਰਾਪਤ ਹੋਈ ਹੈ।

3. ਉੱਤਰਦਾਤਾ (ਲੋਕ ਸੂਚਨਾ ਅਫਸਰ) ਵਲੋਂ ਸ੍ਰੀ ਮਨਜੀਤ ਸਿੰਘ ਜੂਨੀਅਰ ਸਹਾਇਕ ਹਾਜ਼ਰ ਹੋਏ ਉਨ੍ਹਾਂ ਵਲੋਂ ਪੱਤਰ ਮੀਮੋ ਨੰ: ਆਰ.ਟੀ.ਆਈ.2018/92 ਮਿਤੀ 28-7-2018 ਜ਼ੋ ਕਮਿਸ਼ਨ ਨੂੰ ਸੰਬੋਧਤ ਹੈ ਪੇਸ਼ ਕੀਤਾ ਗਿਆ। ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ।

4. ਅਪੀਲਕਰਤਾ ਅੱਜ ਪੇਸ਼ੀ ਤੇ ਹਾਜ਼ਰ ਨਹ੍ਹੀਂ। ਉੱਤਰਦਾਤਾ ਵਲੋਂ ਹਾਜ਼ਰ ਨੁਮਾਇੰਦਿਆਂ ਵਲੋਂ ਉਕਤ ਪੱਤਰ ਮਿਤੀ 28-7-2018 ਪੇਸ਼ ਕੀਤਾ ਗਿਆ ਜ਼ੋ ਅਪੀਲਕਰਤਾ ਨੂੰ ਸੰਬੋਧਤ ਹੈ ਰਾਹੀਂ ਸੂਚਿਤ ਕੀਤਾ ਗਿਆ ਕਿ ਆਪ ਵਲੋਂ ਮੰਗੀ ਰਸੀਦ ਸਬੰਧਤ ਫਾਇਲ ਵਿਚੋਂ ਚੈਕ ਕੀਤੀ ਗਈ ਜ਼ੋ ਫਾਇਲ ਵਿਚ ਨਹੀਂ ਹੈ। ਇਸ ਤਰ੍ਹਾਂ ਉਸ ਵਲੋ ਦਸਿਆ ਗਿਆ ਕਿ 1977 ਦੀ ਰਸੀਦ ਹੈ ਇਹ ਰਿਕਾਰਡ ਵਿਚ ਨਹ੍ਹੀ ਹੈ। ਇਸ ਲਈ ਉੱਤਰਦਾਤਾ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਇਸ ਸਬੰਧੀ ਹਲਫੀਆ ਬਿਆਨ ਫਾਇਲ ਕੀਤਾ ਜਾਵੇ। ਇਸ ਦੇ ਨਾਲ ਹੀ ਸਪੱਸ਼ਟ ਕੀਤਾ ਜਾਂਦਾ ਹੈ ਕਿ ਇਹ ਕੇਸ ਆਹਮਣੇ ਸਾਹਮਣੇ ਹੋ ਕੇ ਸੁਲਝਣ ਵਾਲਾ ਹੈ ਇਸ ਲਈ ਅਪੀਲਕਰਤਾ ਨੂੰ ਕੀ ਚਾਹੀਦਾ ਹੈ ਪੇਸ਼ੀ ਤੇ ਹਾਜ਼ਰ ਹੋ ਕੇ ਦਸੇ ਕੀ ਉਹ ਕੀ ਜਾਣਕਾਰੀ ਲੈਣਾ ਚਾਹੁੰਦਾ ਹੈ। ਇਸ ਹਦਾਇਤ ਨਾਲ **ਇਹ ਅਪੀਲ ਕੇਸ ਅਗਲੀ ਸੁਣਵਾਈ ਲਈ ਮਿਤੀ 17-03-2020 ਨੂੰ ਸਵੇਰੇ 11.30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਮਿਤੀ: ਚੰਡੀਗੜ੍ਹ, 05 ਫਰਵਰੀ, 2020.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ੍ਰੀ ਹੇਮ ਰਾਜ ਜਿੰਦਲ ਪੁੱਤਰ ਸ੍ਰੀ ਚਰਨਜੀਤ ਲਾਲ
ਸਕਤਰ, ਦਾ ਦੁਰਗਾ ਗਰਾਮ ਉਦਯੋਗ,ਮਾਰਫਤ ਮੈਸ: ਸ਼ਿਗਲਾ ਸੇਲਜ਼ ਕਾਰਪੋਰੇਸ਼ਨ,
ਪਟਿਆਲਾ ਰੋਡ ਨੇੜੇ ਰੇਵੇ ਕਰੋਸਿੰਗ ਸਨਾਮ, ਜ਼ਿਲ੍ਹਾ ਸਗਰੂਰ। --------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਸਕੱਤਰ, ਪੰਜਾਬ ਖਾਦੀ ਐਂਡ
ਵਿਲੇਜ਼ ਇੰਡਸਟਰੀਜ਼ ਬੋਰਡ,ਸੈਕਟਰ 17 ਏ, ਚੰਡੀਗੜ੍ਹ।

ਪਹਿਲੀ ਅਪੀਲੀ ਅਥਾਰਟੀ,ਦਫਤਰ ਪੰਜਾਬ ਖਾਦੀ
ਐਂਡ ਵਿਲੇਜ਼ ਇੰਡਸਟਰੀਜ਼ ਬੋਰਡ,ਸੈਕਟਰ 17 ਏ, ਚੰਡੀਗੜ। ----------ਉੱਤਰਦਾਤਾ

**ਅਪੀਲਾ ਕੇਸ ਨੰ: 4316 ਆਫ 2019**

**ਹਾਜ਼ਰ:**

1. ਅਪੀਲਕਰਤਾ ਵਲੋ ਰਾਜਿੰਦਰ ਪਾਲ।
2. ਉੱਤਰਦਾਤਾ (ਲੋਕ ਸੂਚਨਾ ਅਫਸਰ) ਸ੍ਰੀ ਦਵਿੰਦਰ ਸਿੰਘ,(9356255506)।

**ਹੁਕੱਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 8-7-2019 , ਲੋਕ ਸੂਚਨਾ ਅਧਿਕਾਰੀ ਦਫਤਰ ਸਕੱਤਰ, ਪੰਜਾਬ ਖਾਦੀ ਐਂਡ ਵਿਲੇਜ਼ ਇੰਡਸਟਰੀਜ਼ ਬੋਰਡ,ਸੈਕਟਰ 17 ਏ, ਚੰਡੀਗੜ ਨੂੰ ਪੇਸ਼ ਕੀਤਾ ਗਿਆ ਜਿਸ ਰਾਹੀਂ ਉਸ ਨੇ ਪੰਜਾਬ ਖਾਦੀ ਵਿਲੇਜ਼ ਇੰਡਸਟਰੀਜ਼ ਤੋਂ ਮੈਸ: ਦੋਰਗਾ ਗਰਾਮ ਉਦਯੋਗ ਸਮੀਤੀ ਬਾਰੇ ਲੋਨ ਦੀ ਗਰਾਂਟ, ਪਰਾਪਰਟੀ ਨੂੰ ਮੋਰਟਗੇਜ਼ ਕਰਨ, ਲੋਨ ਦੀ ਸੈਗਸ਼ਨ ਆਦਿ ਸਬੰਧੀ ਸੂਚਨਾ ਮੰਗੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸਹੀ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 26-08-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 19-11-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ। ਇਸ ਅਪੀਲ ਕੇਸ ਨੂੰ ਪੜਚੋਲਣ ਉਪਰੰਤ ਮਿਤੀ 23-12-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 05-02-2020 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ ।

2. ਅਪੀਲਕਰਤਾ ਵਲੋਂ ਸ੍ਰੀ ਰਾਜਿੰਦਰ ਸਿੰਘ ਪਸੇ ਹੋਇਆ, ਉਸ ਵਲੋਂ ਸ੍ਰੀ ਹੇਮ ਰਾਜ ਜਿੰਦਲ ਅਪੀਲਕਰਤਾ ਵਲੋਂ ਦਿੱਤਾ ਅਥਾਰਟੀ ਲੈਟਰ ਪੇਸ਼ ਕੀਤਾ ਗਿਆ ਜ਼ੋ ਮਿਸਲ ਤੇ ਰੱਖ ਲਿਆ ਗਿਆ ਹੈ। ਉਸ ਨੇ ਦਸਿਆ ਕਿ ਉਨ੍ਹਾਂ ਨੂੰ ਫਾਇਲਾਂ ਦੀ ਇੰਨਸਪੈਕਸ਼ਨ ਵਾਸਤੇ ਬੁਲਾਇਆ ਗਿਆ ਸੀ ਪਰ ਉਨ੍ਹਾਂ ਨੂੰ ਇਕ ਫਾਇਲ ਦੀ ਇੰਸਪੈਕਸ਼ਨ ਕਰਵਾਈ ਗਈ। ਸ੍ਰੀ ਸੰਜੀਵ ਕੁਮਾਰ ਦੀ ਪ੍ਰਾਪਟੀ ਦੀ ਨੋਟਿੰਗ ਸੀਟ ਮੰਗੀ ਗਈ ਸੀ ਪਰ ਨਹੀਂ ਦਿੱਤੀ ਗਈ। ਇਸ ਤੋਂ ਇਲਾਵਾ ਕਿਹੜੇ ਕਿਹੜੇ ਬੰਦਿਆਂ ਵਲੋਂ ਇਹ ਕੇਸ ਡੀਲ ਕੀਤਾ ਗਿਆ ਸਬੰਧੀ ਵੀ ਸੂਚਨਾ ਨਹੀਂ ਦਿੱਤੀ ਗਈ।

3. ਉੱਤਰਦਾਤਾ (ਲੋਕ ਸੂਚਨਾ ਅਫਸਰ) ਸ੍ਰੀ ਦਵਿੰਦਰ ਸਿੰਘ ਹਾਜ਼ਰ ਹੋਇਆ ਉਸ ਵਲੋਂ ਪੱਤਰ ਨੰ: ਪੀ.ਕੇ.ਵੀ.ਆਈ.ਬੀ./ਅਮਲਾ/715 ਮਿਤੀ 7-1-2020 ਪੇਸ਼ ਕੀਤਾ ਗਿਆ ਜ਼ੋ ਡਾਕ ਰਾਹੀਂ ਪ੍ਰਾਪਤ ਹੋ ਚੁੱਕਾ ਹੈ ਅਤੇ ਮਿਸਲ ਤੇ ਉਪਲਬਧ ਹੈ ਰਾਹੀਂ ਦਸਿਆ ਗਿਆ ਕਿ ਸਿਕਇਤ ਕਰਤਾ ਵਲੌਂ ਮੰਗੀ ਗਈ ਜਾਣਕਾਰੀ ਬੋਰਡ ਵਲੋਂ ਪਤਰ ਨੰ: 619 ਮਿਤੀ 6-9-2019 ਦੁਬਾਰਾ ਮੰਗੀ ਗਈ ਜਾਣਕਾਰੀ ਦੀ ਮਾਤਰਾ ਜ਼ਿਆਦਾ ਹੋਣ ਕਾਰਨ ਉਸਨੂੰ ਨਿੱਜੀ ਤੌਰ ਤੇ ਦਸਤੀ ਦਫਤਰ ਵਲੋਂ ਮਿਤੀ 9-123-2019 ਨੂੰ ਦੇ ਦਿਤੀ ਗਈ ਸੀ ਸਬੂਤ ਵਜੋਂ ਪੱਤਰ ਪੇਸ਼ ਕੀਤਾ ਗਿਆ।

4. ਅਪੀਲਕਰਤਾ ਅਤੇ ਉੱਤਰਦਾਤਾ ਵਲੋਂ ਹਾਜਰ ਹੋ ਕੇ ਦਿੱਤੀਆਂ ਗਈਆਂ ਦਲੀਲਾਂ ਅਤੇ ਉੱਤਰਦਾਤਾ ਵਲੋਂ ਪੇਸ਼ ਕੀਤੇ ਗਏ ਦਸਤਾਵੇਜ਼ ਅਨੁਸਾਰ ਅਪੀਲਕਰਤਾ ਸ੍ਰੀ ਹੇਮ ਰਾਜ ਜਿੰਦਲ ਵਲੋਂ ਮਿ਼ੀ 9-12-2019 ਨੂੰ ਲਿਖਿਆ ਗਿਆ ਕਿ ਫਾਇਲ ਵੇਲ ਲਈ ਹੈ ਅਤੇ ਕੁਝ ਕਾਗਜ ਵਸੂਲ ਕਰ ਲਏ ਹਨ। ਪਰ ਉਸ ਵਲੋਂ ਇਹ ਨਹੀ਼ ਲਿਖਿਆ ਗਿਆ ਕਿ ਪੂਰੀ ਜਾਣਕਾਰੀ ਨਹੀਂ ਦਿੱਤੀ ਗਈ ਅਤੇ ਨਾ ਹੀ ਦਸਿਆ ਗਿਆ ਕਿ ਸੂਚਨਾ ਅਧੂਰੀ ਦਿੱਤੀ ਜਾ ਰਹੀ ਹੈ। ਇਸ ਤਰ੍ਹਾਂ ਉੱਤਰਦਾਤਾ ਵਲੌਂ ਅਪੀਲਕਰਤਾ ਨੂੰ ਦਿੱਤੀ ਗਈ ਜਾਣਕਾਰੀ ਤੋਂ ਕਮਿਸ਼ਨ ਸੰਤੁਸ਼ਟ ਹੈ। ਇਸ ਲਈ ਇਸ ਕੇਸ ਵਿਚ ਹੋਰ ਕਾਰਵਾਈ ਦੀ ਲੋੜ ਨਹੀਂ। ਇਹ **ਅਪੀਲ ਕੇਸ ਦਾਖਲ ਦਫਤਰ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਮਿਤੀ: ਚੰਡੀਗੜ੍ਹ, 05 ਫਰਵਰੀ, 2020.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ੍ਰੀ ਚੰਚਲ ਸਿੰਘ ਬੱਲ,
ਮਕਾਨ ਨੰ: 172 ਸੈਕਟਰ, 70, ਮੋਹਾਲੀ। -------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਐਸ.ਐਸ.ਐਸ.ਬੋਰਡ, ਪੰਜਾਬ ਮੋਹਾਲੀ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਐਸ.ਐਸ.ਐਸ.ਬੋਰਡ, ਪੰਜਾਬ ਮੋਹਾਲੀ। ----------ਉੱਤਰਦਾਤਾ

**ਅਪੀਲਾ ਕੇਸ ਨੰ: 4322 ਆਫ 2019**

**ਹਾਜ਼ਰ:**

1. ਅਪੀਲਕਰਤਾ ਵਲੋ ਕੋਈ ਨਹੀਂ।
2. ਉੱਤਰਦਾਤਾ (ਲੋਕ ਸੂਚਨਾ ਅਫਸਰ) ਸ੍ਰੀ ਰਾਮ ਸਿੰਘ, ਸੀਨੀਅਰ ਸਹਾਇਕ (7087889434)

**ਹੁਕੱਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 8-6-2019 , ਲੋਕ ਸੂਚਨਾ ਅਧਿਕਾਰੀ ਦਫਤਰ ਦਫਤਰ ਐਸ.ਐਸ.ਐਸ.ਬੋਰਡ, ਪੰਜਾਬ ਮੋਹਾਲੀ ਨੂੰ ਪੇਸ਼ ਕੀਤਾ ਗਿਆ ਜਿਸ ਰਾਹੀਂ ਉਸ ਨੇ ਪੰਜਾਬ ਸਰਕਾਰ ਦੇ ਪੱਤਰ ਨੰ: 13052 ਮਿਤੀ 23-10-2000 ਜ਼ੋ ਸਕੱਤਰ ਪੀ.ਪੀ.ਐਸ.ਸੀ. ਨੂੰ ਐਡਰੈਸ ਕੀਤਾ ਗਿਆ ਸੀ ਬਾਰੇ ਐਕਸ਼ਨ ਰਿਪੋਰਟ ਨਾਲ ਸਬੰਧਤ 34 ਨੁਕਤਿਆਂ ਸਬੰਧੀ ਸੂਚਨਾ ਮੰਗੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸਹੀ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 21-07-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 22-11-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ। ਇਸ ਅਪੀਲ ਕੇਸ ਨੂੰ ਪੜਚੋਲਣ ਉਪਰੰਤ ਮਿਤੀ 23-12-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 05-02-2020 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ ।

2. ਅਪੀਲਕਰਤਾ ਅੱਜ ਪੇਸ਼ੀ ਤੇ ਹਾਜ਼ਰ ਨਹੀ਼ ਹੋਇਆ ਅਤੇ ਨਾ ਹੀ ਹਾਜ਼ਰ ਨਾ ਹੋਣ ਬਾਰੇ ਕੋਈ ਜਾਣਕਾਰੀ ਪ੍ਰਾਪਤ ਹੋਈ ਹੈ।

3. ਉੱਤਰਦਾਤਾ (ਲੋਕ ਸੂਚਨਾ ਅਫਸਰ) ਸ੍ਰੀ ਰਾਮ ਸਿੰਘ, ਸੀਨੀਅਰ ਸਹਾਇਕ ਹਾਜ਼ਰ ਹੋਇਆ। ਉਸ ਵਲੋਂ ਪਤਰ ਨੰ: 3/3/15-ਜੀ.ਏ.(ਅਸਚਬ)230 ਮਿਤੀ 5-2-2020 ਪੇਸ਼ ਕੀਤਾ ਗਿਆ। ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ।

4. ਅਪੀਲਕਰਤਾ ਹਾਜ਼ਰ ਨਹੀਂ ਹੋਇਆ। ਉੁੱਤਰਦਾਤਾ ਵਲੋਂ ਪੇਸ਼ ਕੀਤੇ ਗਏ ਉਕੱਤ ਪੱਤਰ ਮਿਤੀ 5-2-2020 ਰਾਹੀਂ ਦਸਿਆ ਗਿਆ ਹੈ ਕਿ ਅਪੀਲਕਰਤਾ ਵਲੋਂ ਸਾਲ 1972 ਦੀ ਸੂਚਨਾ ਮੰਗੀ ਗਈ ਹੈ, ਜਿਸ ਸਬੰਧੀ ਦਫਤਰ ਵਲੋਂ ਪੱਤਰ ਮਿਤੀ 2-8-2019 ਰਾਹੀਂ ਅਪੀਲਕਰਤਾ ਨੂੰ ਸੂਚਿਤ ਕੀਤਾ ਜਾ ਚੁੱਕਾ ਹੈ ਕਿ ਰਿਕਾਰਡ ਬਹੁਤ ਪੁਰਾਣਾ ਹੋਣ ਕਰਕੇ ਇਸ ਦਫਤਰ ਵਿਚ ਭਾਲ ਕੀਤੀ ਗਈ ਪਰ ਰਿਕਾਰਡ ਵਿਚ ਉਪਲਭਧ ਨਹੀ਼ ਹੋ ਸਕਿਆ। ਇਸ ਕਰਕੇ ਇਹ ਸੂਚਨਾ ਮੁਹੱਈਆ ਨਹੀਂ ਕਰਵਾਈ ਜਾ ਸਕਦੀ। ਇਸ ਤਰ੍ਹਾਂ ਉੱਤਰਦਾਤਾ ਵਲੋਂ ਅਪੀਲਕਰਤਾ ਵਲੋਂ ਦਿੱਤੇ ਗਏ ਉੱਤਰ ਅਨੁਸਾਰ ਰਿਕਾਰਡ ਪੁਰਾਣਾ ਹੋਣ ਕਾਰਨ ਸੂਚਨਾ ਉਪਲਭਧ ਨਹੀਂ। ਇਹ ਕੇਸ ਅਗੇ ਚਲਾਉਣਾ ਯੋਗ ਨਹੀਂ ਉੱਤਰਦਾਤਾ ਵਲੋਂ ਅਪੀਲਕਰਤਾ ਨੂੰ ਦਿੱਤੀ ਗਈ ਸੂਚਨਾ ਤੋਂ ਕਮਿਸ਼ਨ ਸੰਤੁਸ਼ਟ ਹੈ। ਇਸ ਲਈ **ਇਹ ਅਪੀਲ ਕੇਸ ਦਾਖਲ ਦਫਤਰ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**

**ਮਿਤੀ: ਚੰਡੀਗੜ੍ਹ, 05 ਫਰਵਰੀ, 2020.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ੍ਰੀ ਮੱਖਣ ਸਿੰਘ ਪੁੱਤਰ ਸ੍ਰੀ ਜਗੀਰ ਸਿੰਘ,
ਪਿੰਡ ਬੀਕਾ, ਜ਼ਿਲ੍ਹਾ ਐਸ.ਬੀ.ਐਸ.ਨਗਰ। ------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ, ਡਿਪਟੀ ਕਮਿਸ਼ਨਰ, ਐਸ.ਬੀ.ਐਸ.ਨਗਰ।

ਪਹਿਲੀ ਅਪੀਲੀ ਅਥਾਰਟੀ,
ਦਫਤਰ, ਡਿਪਟੀ ਕਮਿਸ਼ਨਰ, ਐਸ.ਬੀ.ਐਸ.ਨਗਰ। -----ਉੱਤਰਦਾਤਾ

**ਅਪੀਲ ਕੇਸ ਨੰ: 4340 ਆਫ 2019**

**ਹਾਜ਼ਰ:**

1. ਅਪੀਲਕਰਤਾ ਵਲੋਂ ਕੋਈ ਨਹੀਂ।
2. ਉੱਤਰਦਾਤਾ (ਲੋਕ ਸੂਚਨਾ ਅਫਸਰ) ਵਲੋਂ ਸ੍ਰੀ ਸੁਖਵਿੰਦਰ ਸਿਘ ਐਸ.ਡੀ.ਓ. ਮੰਡੀ ਬੋਰਡ, ਰੀਮਾ ਕੁਮਾਰੀ ਕਲਰਕ, ਡੀ.ਸੀ.ਆਫਿਸ, ਲਖਵਿੰਦਰ ਸਿੰਘ ਸੁਪਰਡੰਟ ਦਫਤਰ, ਬੀ.ਡੀ.ਪੀ.ਓ. (8146676710)

**ਹੁਕੱਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 01-09-2019 , ਲੋਕ ਸੂਚਨਾ ਅਧਿਕਾਰੀ ਦਫਤਰ ਡਿਪਟੀ ਕਮਿਸ਼ਨਰ, ਐਸ.ਬੀ.ਐਸ.ਨਗਰ ਨੂੰ ਪੇਸ਼ ਕੀਤਾ ਗਿਆ ਜਿਸ ਰਾਹੀਂ ਉਸ ਨੇ ਵੱਖ ਵੱਖ ਮਿਤੀਆਂ ਨੂੰ ਡੀ.ਡੀ.ਪੀ.ਓ. ਸ਼ਹੀਦ ਭਗਤ ਸਿੰਘ ਨਗਰ, ਸੁਪਚਡੰਟ ਬੀ.ਡੀ.ਪੀ.ਓ. ਬੰਗਾ, ਸ਼ਹੀਦ ਭਗਤ ਸਿੰਘਘ ਨਗਰ, ਡਿਪਟੀ ਕਮਿਸ਼ਨਰ, ਸ਼ਹੀਦ ਭਗਤ ਸਿੰਘ ਨਗਰ ਸਹਾਇਕ ਕਮਿਸ਼ਨਰ, ਡੀ.ਸੀ. ਆਫਿਸ, ਕਾਰਜਕਾਰੀ ਇੰਜੀਨੀਅਰ ਸਿਵਲ ਪੰਜਾਬ ਮੰਡੀ ਬੋਰਡ, ਸ਼ਹੀਦ ਭਗਤ ਸਿੰਘ ਨਗਰ ਨੂੰ ਦਿੱਤੀਆਂ ਐਪਲੀਕੇਸਨਾਂ ਤੇ ਹੋਈ ਕਾਰਵਾਈ ਨਾਲ ਸਬੰਧਤ 11 ਨੁਕਤਿਆਂ ਸਬੰਧੀ ਸੂਚਨਾ ਮੰਗੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸਹੀ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 3-10-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 21-11-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ। ਕਮਿਸ਼ਨ ਵਲੋਂ ਇਸ ਅਪੀਲ ਕੇਸ ਨੂੰ ਪੜਚੋਲਣ ਉਪਰੰਤ ਮਿਤੀ 23-12-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 05-02-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ ।

2. ਅਪੀਲਕਰਤਾ ਅਪੀਲਕਰਤਾ ਵਲੋਂ ਕੋਈ ਹਾਜ਼ਰ ਨਹੀਂ ਹੋਇਆ ਪਰ ਉਸ ਵਲੋਂ ਪੱਤਰ ਮਿਤੀ 4-2-2020 ਜ਼ੋ ਡਾਕ ਰਾਹੀਂ ਪ੍ਰਾਪਤ ਹੋਇਆ ਰਾਹੀ ਬੇਨਤੀ ਕੀਤੀ ਗਈ ਕਿ ਉਸਦੇ ਲੜਕੇ ਦਾ ਓਪਰੇਸ਼ਨ ਹੈ, ਇਸ ਲਈ ਅਗਲੀ ਮਿਤੀ ਦਿੱਤੀ ਜਾਵੇ।ਇਸ ਤੋਂ ਇਲਾਵਾ ਪੱਤਰ ਮਿਤੀ 31-12-2019 ਜ਼ੋ ਚੀਫ ਲੋਕ ਸੂਚਨਾ ਕਮਿਸ਼ਨ ਜੀ ਨੂੰ ਸੰਬੋਧਤ ਹੈ ਅਨੁਸਾਰ ਲਿਖਿਆ ਗਿਆ ਕਿ ਇਹ ਕੇਸ ਅਤੇ ਇਕ ਹੋਰ ਕੇਸ 4150 ਆਫ 2019 ਬਦਲਕੇ ਕਿਸੇ ਹੋਰ ਕਮਿਸ਼ਨ ਦੀ ਅਦਾਲਤ ਵਿਚ ਲਗਾ ਦਿੱਤਾ ਜਾਵੇ। ਪਰ ਚੀਫ ਕਮਿਸ਼ਨਰ ਜੀ ਵਲੋਂ ਇਸ ਤੇ ਕੋਈ ਆਦੇਸ਼ ਨਹੀਂ ਦਿੱਤੇ ਗਏ। ਪੱਤਰ ਮਿਸਲ ਤੇ ਉਪਲਬਧ ਹਨ।

3. ਉੱਤਰਦਾਤਾ (ਲੋਕ ਸੂਚਨਾ ਅਫਸਰ) ਵਲੋਂ ਸ੍ਰੀ ਸੁਖਵਿੰਦਰ ਸਿਘ ਐਸ.ਡੀ.ਓ. ਮੰਡੀ ਬੋਰਡ ਬੰਗਾ, ਰੀਮਾ ਕੁਮਾਰੀ ਕਲਰਕ, ਡੀ.ਸੀ.ਆਫਿਸ, ਲਖਵਿੰਦਰ ਸਿੰਘ ਸੁਪਰਡੰਟ ਦਫਤਰ, ਬੀ.ਡੀ.ਪੀ.ਓ. ਬੰਗਾ,ਹਾਜ਼ਰ ਹੋਏ, ਉਨ੍ਹਾਂ ਵਲੋਂ ਪੰਤਰ ਨੰ: 650-51/ਆਰ.ਟੀ.ਆਈ.ਸੈਲ ਮਿਤੀ 9-1-2020, ਪੱਤਰ ਨੰ: 56/ਪੀ.ਜੀ.ਏ. ਮਿਤੀ 10-1-2020 ਅਤੇ ਪੱਤਰ ਨੰ: 58/ਪੀ.ਜੀ.ਏ. ਮਿਤੀ 22-1-2020 ਪੇਸ਼ ਕੀਤੇ ਗਏ ਹਨ। ਜ਼ੋ ਮਿਸਲ ਤੇ ਉਪਲਭਧ/ਰੱਖ ਲਏ ਗਏ ਹਨ।

4. ਅਪੀਲਕਰਤਾ ਵਲੋਂ ਇਹ ਕੇਸ ਬਦਲਣ ਸਬੰਧੀ ਦਿਤੀ ਪ੍ਰਤੀ ਬੇਨਤੀ ਤੇ ਚੀਫ ਲੋਕ ਸੂਚਨਾ ਕਮਿਸ਼ਨਰ ਜੀ ਵਲੋਂ ਕੋਈ ਆਦੇਸ਼ ਨਹੀਂ ਦਿੱਤੇ ਗਏ ਅਤੇ ਅਰਜੀ ਇਸ ਬੈਚ ਨੂੰ ਭੇਜੀ ਗਈ ਹੈ। ਇਸ ਤੋਂ ਇਲਾਵਾ ਅਪੀਲਕਰਤਾ ਵਲੋਂ ਅਗਲੀ ਮਿਤੀ ਦੀ ਮੰਗ ਕੀਤੀ ਗਈ ਹੈ। ਪਰ ਇਸ ਕੇਸ ਵਿਚ ਉਕਤ ਅਨੁਸਾਰ ਸਾਰੇ ਸਬੰਧਤ ਵਿਭਾਗਾਂ ਵਲੋਂ ਨੁਮਾਇੰਦੇ ਹਾਜ਼ਰ ਹੋਏ, ਉਨ੍ਹਾਂ ਵਲੋਂ ਪੇਸ਼ ਕੀਤੇ ਗਏ ਉਕਤ ਪੱਤਰਾਂ ਅਨੁਸਾਰ ਅਪੀਲਕਰਤਾ ਨੂੰ ਮੰਗੀ ਗਈ ਸੂਚਨਾ ਮੁਹੱਈਆ ਕਰਵਾ ਦਿੱਤੀ ਗਈ ਹੈ। ਇਸ ਸਬੰਧ ਵਿਚ ਪੱਤਰ ਮਿਤੀ 22-1-2020 ਨਾਲ ਅਪੀਲਕਰਤਾ ਦੇ ਲਿਖਤੀ ਬਿਆਨ ਦੀ ਕਾਪੀ ਲਾਉਂਦੇ ਹੋਏ ਦਸਿਆ ਗਿਆ ਹੈ ਕਿ ਅਪੀਲਕਰਤਾ ਵਲੋਂ ਬਣਦੀ ਫੀਸ ਜਮ੍ਹਾਂ ਕਰਵਾ ਦਿੱਤੀ ਹੈ ਅਤੇ ਪ੍ਰਾਰਥੀ ਵਲੋਂ ਮੰਗੀ ਗਈ ਸੂਚਨਾ ਉਸਨੂੰ ਦੇ ਦਿਤੀ ਗਈ ਹੈ। ਪ੍ਰਾਪਤ ਹੋਈ ਸੂਚਨਾ ਸਬੰਧੀ ਪ੍ਰਾਰਥੀ ਵਲੋਂ ਤਸੱਲੀ ਪ੍ਰਗਟਾਈ ਗਈ ਹੈ ਅਤੇ ਉਸਦੀ ਸੰਤੁਸ਼ਟੀ ਸਬੰਧੀ ਬਿਆਨ ਪੇਸ਼ ਕੀਤਾ ਗਿਆ ਹੈ। ਕਿਉਂਜੋ ਅਪੀਲਕਰਤਾ ਦੇ ਬਿਆਨ ਮਿਤੀ 10-1-2020 ਅਨੁਸਾਰ ਉਸਨੂੰ ਹੋਰ ਕਿਸੇ ਸੂਚਨਾ ਦੀ ਲੋੜ ਨਹੀ। ਇਸ ਲਈ ਇਸ ਕੇਸ ਵਿਚ ਹੋਰ ਕਾਰਵਾਈ ਦੀ ਲੋੜ ਨਹੀਂ। ਇਹ **ਅਪੀਲ ਕੇਸ ਦਾਖਲ ਦਫਤਰ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਰਾਜ ਸੂਚਨਾ ਕਮਿਸ਼ਨਰ, ਪੰਜਾਬ**

**ਮਿਤੀ: ਚੰਡੀਗੜ੍ਹ, 05 ਫਰਵਰੀ, 2020.**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ੍ਰੀ ਪੰਜਾਬ ਸਿੰਘ ਪੁੱਤਰ ਸ੍ਰੀ ਟਹਿਲ ਸਿੰਘ,
ਪਿੰਡ ਥੇਹ ਬਨੇੜਾ, ਤਹਿਸੀਲ ਗੂਹਲਾ, ਜਿਲ੍ਹਾ ਕੈਥਲ। –ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਕਮਿਸ਼ਨਰ ਜਲੰਧਰ ਡਵਿਜਨ, ਜਲੰਧਰ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਕਮਿਸ਼ਨਰ ਜਲੰਧਰ ਡਵਿਜਨ, ਜਲੰਧਰ। -----ਉੱਤਰਦਾਤਾ

**ਅਪੀਲ ਕੇਸ ਨੰ:4282 ਆਫ 2019**

**ਹਾਜ਼ਰ:**

1. ਅਪੀਲਕਰਤਾ ਵਲੋਂ ਕੋਈ ਨਹੀਂ।
2. ਉੱਤਰਦਾਤਾ (ਲੋਕ ਸੂਚਨਾ ਅਫਸਰ) ਵਲੋਂ ਸ੍ਰੀ ਮਨਜੀਤ ਰਾਮ, ਸਟੋਰ ਕੀਪਰ,(9914146602)

**ਹੁਕੱਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 3-8-2019 , ਲੋਕ ਸੂਚਨਾ ਅਧਿਕਾਰੀ ਦਫਤਰ ਕਮਿਸ਼ਨਰ ਜਲੰਧਰ ਡਵਿਜਨ, ਜਲੰਧਰ ਨੂੰ ਪੇਸ਼ ਕੀਤਾ ਗਿਆ ਜਿਸ ਰਾਹੀਂ ਉਸ ਨੇ ਕਮਿਸ਼ਨਰ ਜਲੰਧਰ ਡਵੀਜ਼ਨ,ਜਲੰਧਰ ਵਲੋਂ ਕੇਸ ਨੰ: 125-1963 ਮਿਤੀ 10-12-1963 ਵਿਚ ਸਪੈਸਲ ਕਲੇਕਟਰ, ਪੰਜਾਬ ਚੰਡੀਗੜ੍ਹ ਵਲੋਂ ਮਿਤੀ 25-1-63 ਨੂੰ ਕੀਤੇ ਫੈਸਲੇ ਦੇ ਨਾਲ ਨਾਲ ਹੋਰ ਦਿੱਤੇ ਵੇਰੇਵ ਨਾਲ ਸਬੰਧਤ 07 ਨੁਕਤਿਆਂ ਸਬੰਧੀ ਸੂਚਨਾ ਮੰਗੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸਹੀ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 12-09-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 18-9-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ। ਇਸ ਕਮਿਸ਼ਨ ਵਲੋਂ ਇਸ ਅਪੀਲ ਕੇਸ ਨੂੰ ਪੜਚੋਲਣ ਉਪਰੰਤ ਮਿਤੀ 23-12-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 05-02-2020 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ ।

2. ਅਪੀਲਕਰਤਾ ਵਲੋਂ ਕੋਈ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਹਾਜਰ ਨਾ ਹੋਣ ਬਾਰੇ ਕੋਈ ਸੂਚਨਾ ਹੀ ਪ੍ਰਾਪਤ ਹੋਈ ਹੈ।ਪਰ ਉਸ ਵਲੋਂ ਪੱਤਰ ਮਿਤੀ 20-1-2020 ਜ਼ੋ ਕਿ ਡਾਕ ਰਾਹੀਂ ਪ੍ਰਾਪਤ ਹੋਇਆ ਹੈ ਰਾਹੀਂ ਲਿਖਿਆ ਗਿਆ ਕਿ ਉਸਨੇ ਮਿਤੀ 3-8-2019 ਨੂੰ ਸੂਚਨਾ ਮੰਗੀ ਸੀ ਜ਼ੋ ਸਮੇਂ ਸਿਰ ਨਹੀਂ ਦਿੱਤੀ ਗਈ। ਇਸ ਤੋਂ ਇਲਾਵਾ ਉਸਦੀ ਮਾਤਾ, ਭਰਾ ਅਤੇ ਭਤੀਜੀ ਨੂੰ ਵੀ ਸੂਚਨਾ ਦੇਣ ਤੋਂ ਮੰਨਾ ਕੀਤਾ ਗਿਆ ਹੈ।

3. ਉੱਤਰਦਾਤਾ (ਲੋਕ ਸੂਚਨਾ ਅਫਸਰ) ਵਲੋਂ ਸ੍ਰੀ ਮਨਜੀਤ ਰਾਮ, ਸਟੋਰ ਕੀਪਰ ਹਾਜ਼ਰ ਹੋਇਆ । ਉਸ ਵਲੋਂ ਪੱਤਰ ਨੰ: 24-1-2020 ਜ਼ੋ ਕਮਿਸ਼ਨ ਨੂੰ ਸੰਬੋਧਤ ਹੈ ਪੇਸ਼ ਕੀਤਾ ਗਿਆ ਜ਼ੋ ਪਹਿਲਾਂ ਹੀ ਡਾਕ ਰਾਹੀ਼ ਪ੍ਰਾਪਤ ਹੋ ਚੁੱਕਾ ਹੈ ਅਤੇ ਮਿਸਲ ਤੇ ਉਪਲਭਧ ਹੈ।

4. ਅਪੀਲਕਰਤਾ ਅਨੁਸਾਰ ਉਸ ਵਲੋਂ ਮੰਗੀ ਗਈ ਸੂਚਨਾ ਸਮੇਂ ਸਿਰ ਨਹੀਂ ਦਿੱਤੀ ਗਈ ਅਤੇ ਉਸਦੇ ਪਰਿਵਾਰਕ ਮੈਬਰਾਂ ਨੂੰ ਵੀ ਸੂਚਨਾ ਨਹੀਂ ਦਿੱਤੀ ਗਈ। ਉੱਤਰਦਾਤਾ ਦੇ ਨੁਮਾਇੰਦੇ ਵਲੋਂ ਪੇਸ਼ ਕੀਤੇ ਗਏ ਉਕਤ ਪੱਤਰ ਰਾਹੀਂ ਦਸਿਆ ਗਿਆ ਕਿ ਅਪੀਲਕਰਤਾ ਨੂੰ ਪੱਤਰ ਮਿਤੀ 9-9-2019 ਰਾਹੀਂ ਸਧਾਰਨ ਡਾਕ ਅਤੇ ਮਿਤੀ 18-9-2019 ਰਾਹੀਂ ਰਜਿਸਟਰਡ ਡਾਕ ਰਾਹੀਂ ਸੂਚਨਾ ਭੇਜ਼ ਦਿੱਤੀ ਗਈ ਸੀ ਅਤੇ ਪਹਿਲੀ ਅਪੀਲੀ ਅਥਾਰਟੀ ਵਲੋਂ ਵੀ ਮਿਤੀ 16-10-2019 ਨੂੰ ਵੀ ਉੱਤਰ ਭੇਜਿਆ ਗਿਆ। ਇਸ ਤੋਂ ਇਲਾਵਾ ਪ੍ਰਾਰਥੀ ਦੀ ਪਹਿਲਾਂ ਵੀ ਇਕ ਦਰਖਾਸਤ ਮਿਤੀ 30-4-2019 ਦੀ ਸੂਚਨਾ ਵੀ ਮਿਤੀ 17-5-2019 ਨੂੰ ਭੇਜ਼ ਦਿੱਤਾ ਗਿਆ ਸੀ। ਇਸ ਦੇ ਨਾਲ ਨਾਲ ਇਹ ਵੀ ਦਸਿਆ ਗਿਆ ਉਸਦੀ ਮਾਤਾ ਸ੍ਰੀਮਤੀ ਬਾਨੋਦੇਵੀ ਵਲੋਂ ਵੀ ਇਸ ਸੂਚਨਾ ਦੇ ਸਬੰਧ ਵਿਚ ਜ਼ੋ ਅਪੀਲ ਨੰ: 4128/18 ਅਤੇ 3058/18 ਪਾਈਆਂ ਗਈਆਂ ਸਨ ਵੀ ਕਮਿਸ਼ਨ ਵਲੋਂ ਖਾਰਜ ਕਰ ਦਿੱਤੀਆਂ ਗਈਆਂ ਸਨ। ਇਸ ਲਈ ਇਹ ਅਪੀਲ ਵੀ ਖਾਰਜ ਕੀਤੀ ਜਾਵੇ। ਉੱਤਰਦਾਤਾ ਵਲੋਂ ਪੇਸ਼ ਕੀਤੇ ਪਤਰ ਨਾਲ ਨੱਥੀ ਦਸਤਾਵੇਜ਼ਾਂ ਅਨੁਸਾਰ ਅਪੀਲਕਰਤਾ ਵਲੋਂ ਪਹਿਲਾਂ ਦਾਇਰ ਅਪੀਲ ਕੇਸ 3058/18, ਮਿਤੀ 20-2-2019 ਅਤੇ ਦੂਜੀ ਅਪੀਲ ਕੇਸ 4128 ਆਫ 2018 ਮਿਤੀ 23-4-2019 ਨੂੰ ਦਾਖਲ ਦਫਤਰ ਕੀਤੀਆਂ ਜਾ ਚੁੱਕੀਆਂ ਹਨ। ਇਸ ਕੇਸ ਵਿਚ ਵੀ ਉੱਤਰਦਾਤਾ ਵਲੋਂ ਅਪੀਲਕਰਤਾ ਨੂੰ ਪਹਿਲਾਂ ਹੀ ਪੱਤਰ ਮਿਤੀ 9-9-2019 ਰਾਹੀਂ ਸੂਚਨਾ ਮੁਹੱਈਆ ਕਰਵਾਈ ਜਾ ਚੁੱਕੀ ਹੈ। ਇਸ ਲਈ ਇਸ ਕੇਸ ਵਿਚ ਹੋਰ ਕਿਸੇ ਕਾਰਵਾਈ ਦੀ ਲੋੜ ਨਹੀਂ । ਇਸ ਲਈ **ਇਹ ਅਪੀਲ ਕੇਸ ਦਾਖਲ ਦਫਤਰ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**

**ਮਿਤੀ: ਚੰਡੀਗੜ੍ਹ, 05 ਫਰਵਰੀ, 2020.** **ਰਾਜ ਸੂਚਨਾ ਕਮਿਸ਼ਨਰ, ਪੰਜਾਬ**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ੍ਰੀ ਨਰੇਸ਼ ਮਾਰਵਾਹਾ 9814060245
ਮਕਾਨ ਨੰ: 963/2 ਗੱਲੀ ਨੰ: 5,
ਦੀਪ ਨਗਰ ਸਿਵਲ ਲਾਇਨਜ਼, ਲੁਧਿਆਣਾ ----ਸ਼ਿਕਾਇਤਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਰਜਿਸਟਰਾਰ ਆਫ ਫਰਮਜ਼ ਐਂਡ ਸੋਸਾਇਟੀਜ਼,
ਪੰਜਾਬ ਚੰਡੀਗੜ੍ਹ। -----ਉੱਤਰਦਾਤਾ

**ਸ਼ਿਕਾਇਤ ਕੇਸ ਨੰ: 987 ਆਫ 2019**

**ਹਾਜ਼ਰ:**

1. ਸ਼ਿਕਾਇਤਕਰਤਾ ਸ੍ਰੀ ਨਰੇਸ਼ ਮਾਰਵਾਹਾ
2. ਉੱਤਰਦਾਤਾ (ਲੋਕ ਸੂਚਨਾ ਅਫਸਰ) ਵਲੋਂ ਸ੍ਰੀ ਸਤਨਾਮ ਸਿੰਘ, ਸੀਨੀਅਰ ਸਹਾਇਕ (9855611320)

**ਹੁਕੱਮ:**

ਸ਼ਿਕਾਇਤਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 20-6-2019 , ਲੋਕ ਸੂਚਨਾ ਅਧਿਕਾਰੀ ਦਫਤਰ ਦਫਤਰ ਰਜਿਸਟਰਾਰ ਆਫ ਫਰਮਜ਼ ਐਂਡ ਸੋਸਾਇਟੀਜ਼,ਪੰਜਾਬ ਚੰਡੀਗੜ ਨੂੰ ਪੇਸ਼ ਕੀਤਾ ਗਿਆ ਜਿਸ ਰਾਹੀਂ ਉਸ ਨੇ ਜ਼ਿਲ੍ਹਾ ਕ੍ਰਿਕੇਟ ਐਸੋਸੀਏਸ਼ਨ ਲੁਧਿਆਣਾ ਬਾਰੇ ਵਿਭਾਗ ਤੋਂ ਸਾਲ 2003 ਵਿਚ ਹੋਏ ਉਕਤ ਸੰਸਥਾ ਦੇ ਇਲੇਕਸ਼ਨਾ ਨਾਲ ਸਬੰਧਤ 10 ਨੁਕਤਿਆਂ ਸਬੰਧੀ ਸੂਚਨਾ ਮੰਗੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸਹੀ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 18-11-2019 ਨੂੰ ਕਮਿਸ਼ਨ ਕੋਲ ਸ਼ਿਕਾਇਤ ਦਾਇਰ ਕੀਤੀ ਸੀ। ਕਮਿਸ਼ਨ ਵਲੋਂ ਇਸ ਅਪੀਲ ਕੇਸ ਨੂੰ ਪੜਚੋਲਣ ਉਪਰੰਤ ਮਿਤੀ 23-12-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 05-02-2020 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ ।

2. ਸ਼ਿਕਾਇਤਕਰਤਾ ਸ੍ਰੀ ਨਰੇਸ਼ ਮਾਰਵਾਹਾ ਅੱਜ ਪੇਸ਼ੀ ਤੇ ਹਾਜ਼ਰ ਹੋਇਆ ਉਸ ਵਲੋਂ ਦਸਿਆ ਗਿਆ ਕਿ ਉਸਨੂੰ 30 ਦਿਨਾਂ ਦੇ ਅੰਦਰ ਅੰਦਰ ਸੂਚਨਾ ਦਿੱਤੀ ਜਾਣੀ ਸੀ ਪਰ ਉੱਤਰਦਾਤਾ ਵਲੋਂ ਅਜੇ ਤੱਕ ਸੂਚਨਾ ਨਹੀਂ ਦਿੱਤੀ ਗਈ।

3. ਉੱਤਰਦਾਤਾ (ਲੋਕ ਸੂਚਨਾ ਅਫਸਰ) ਵਲੋਂ ਸ੍ਰੀ ਸਤਨਾਮ ਸਿੰਘ, ਸੀਨੀਅਰ ਸਹਾਇਕ ਹਾਜ਼ਰ ਹੋਇਆ। ਉਸ ਵਲੋਂ ਪੱਤਰ ਨ: ਰਾਫਸ/4243 ਮਿਤੀ 4-2-2020 ਪੇਸ਼ ਕੀਤਾ ਗਿਆ ਜੋ ਸ਼ਿਕਾਇਤਕਰਤਾ ਨੂੰ ਸਬੋਧਤ ਹੈ ਅਤੇ ਕਮਿਸ਼ਨ ਨੂੰ ਉਤਾਰਾ ਕੀਤਾ ਗਿਆ ਹੈ।

4. ਉੱਤਰਦਾਤਾ ਵਲੋਂ ਹਾਜ਼ਰ ਨੁਮਾਇੰਦੇ ਵਲੋਂ ਉਕਤ ਪੱਤਰ ਮਿਤੀ 4-2-2020 ਰਾਹੀਂ ਲਿਆਂਦੀ ਗਈ ਸੂਚਨਾ ਕਮਿਸ਼ਨ ਦੀ ਹਾਜ਼ਰੀ ਵਿਚ ਪੇਸ਼ੀ ਦੋਰਾਨ ਸ਼ਿਕਾਇਤਕਰਤਾ ਨੂੰ ਰਸੀਵ ਕਰਵਾ ਦਿੱਤੀ ਗਈ । ਇਸ ਦੇ ਨਾਲ ਹੀ ਦਸਿਆ ਗਿਆ ਕਿ ਕੁਝ ਹੋਰ ਰਿਕਾਰਡ ਜੋ ਉਪਲਭਧ ਨਹੀਂ ਦੀ ਅਜੇ ਵੀ ਭਾਲ ਕੀਤੀ ਜਾ ਰਹੀ ਹੈ। ਇਸ ਲਈ ਉੱਤਰਦਾਤਾ ਨੂੰ ਹਦਾਇਤ ਕੀਤੀ ਗਈ ਕਿ ਭਾਲ ਕਰਕੇ ਜੇਕਰ ਬਾਕੀ ਰਹਿੰਦੇ ਕਿਸੇ ਨੁਕਤੇ ਸਬੰਧੀ ਦਸਤਾਵੇਜ਼ ਉਪਲਭਧ ਹੋ ਜਾਂਦੇ ਹਨ ਤਾਂ ਉਹ ਦਸਤਾਵੇਜ਼ ਵੀ ਅਪੀਲਕਰਤਾ ਨੂੰ ਮੁਹੱਈਆ ਕਰਵਾਏ ਜਾਣ। ਇਸ ਤਰ੍ਹਾਂ ਇਸ ਕੇਸ ਵਿਚ ਹੋਰ ਕਿਸੇ ਕਾਰਵਾਈ ਦੀ ਲੋੜ ਨਹੀਂ ਕਿਉਂਜੋ ਲਿਆਂਦੀ ਗਈ ਉਪਲਭਧ ਸੂਚਨਾ ਸ਼ਿਕਾਇਤਕਰਤਾ ਨੂੰ ਮੁੱਹਈਆ ਕਰਵਾ ਦਿੱਤੀ ਗਈ ਹੈ। ਇਸ ਲਈ **ਇਹ ਕੇਸ ਦਾਖਲ ਦਫਤਰ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਰਾਜ ਸੂਚਨਾ ਕਮਿਸ਼ਨਰ, ਪੰਜਾਬ**

**ਮਿਤੀ: ਚੰਡੀਗੜ੍ਹ, 05 ਫਰਵਰੀ, 2020.**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਮਨਜਿੰਦਰ ਸਿੰਘ 9872015069
2469, ਸੰਨੀ ਅਨਕਲੇਵ, ਸੈਕਟਰ 125, ਖਰੜ, ਜਿਲਾ ਮੋਹਾਲੀ। ------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਫਸਰ,
ਦਫਤਰ ਸਕੱਤਰ, ਰਿਜਨਲ ਟਰਾਂਸਪੋਰਟ ਅਥਾਰਟੀ, ਬਠਿੰਡਾ.
ਪਹਿਲੀ ਅਪੀਲੀ ਅਥਾਰਟੀ,
ਕਮ-ਸਟੇਟ ਟਰਾਂਸਪੋਰਟ ਕਮਿਸ਼ਨਰ, ਪੰਜਾਬ ਚੰਡੀਗੜ੍ਹ। ------ਉੱਤਰਦਾਤਾ

**ਅਪੀਲ ਕੇਸ ਨੰ:3818 ਆਫ 2019**

**ਹਾਜ਼ਰ**

1) ਅਪੀਲਕਰਤਾ ਸ੍ਰੀ ਮਨਜਿੰਦਰ ਸਿੰਘ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ੍ਰੀ ਜ਼ਸਪ੍ਰੀਤ ਸਿੰਘ, ਐਡਵੋਕੇਟ (9417607444।

**ਹੁਕੱਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 09-07-2019 , ਲੋਕ ਸੂਚਨਾ ਅਧਿਕਾਰੀ ਦਫਤਰ ਸਕੱਤਰ, ਰਿਜਨਲ ਟਰਾਂਸਪੋਰਟ ਅਥਾਰਟੀ, ਬਠਿੰਡਾ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਕਮਰਸਿਅਲ ਨਾਲ ਕਮਰਸ਼ਿਅਲ ਵਾਹਣਾ ਲਈ ਜ਼ਾਰੀ ਕੀਤੇ ਗਏ ਡਰਾਇਵਿੰਗ ਲਾਇਸੰਸਾਂ ਨਾਲ ਸਬੰਧਤ 04 ਨੁਕਤਿਆਂ ਸਬੰਧੀ ਸੂਚਨਾ ਮੰਗੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 23-08-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 15-10-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 26-11-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 07-01-2020 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਪਿਛਲੀ ਮਿਤੀ 07-01-2020 ਨੂੰ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਸ੍ਰੀ ਭੁਪਿੰਦਰ ਸਿੰਘ ਨੂੰ ਹਦਾਇਤ ਕੀਤੀ ਗਈ ਸੀ ਕਿ ਉਹ ਅਗਲੀ ਪੇਸ਼ੀ ਤੇ ਆਪ ਹਾਜ਼ਰ ਹੋਣ ਅਤੇ ਅਪੀਲਕਰਤਾ ਨੂੰ ਮੰਗੀ ਗਈ ਸੂਚਨਾ/ਜਾਣਕਾਰੀ ਮੁਹੱਈਆ ਕਰਵਾਈ ਜਾਵੇ। ਇਸ ਹਦਾਇਤ ਨਾਲ ਇਹ ਕੇਸ ਅਗਲੀ ਸੁਣਵਾਈ ਲਈ ਮਿਤੀ 05-02-2020 ਨੂੰ ਸਵੇਰੇ 11.30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

3. ਅਪੀਲਕਰਤਾ ਸ੍ਰੀ ਮਨਜਿੰਦਰ ਸਿੰਘ ਹਾਜ਼ਰ ਹੋਇਆ, ਉਸ ਵਲੋਂ ਦਸਿਆ ਗਿਆ ਕਿ ਉਸਨੂੰ ਅਜੇ ਤੱਕ ਮੰਗੀ ਗਈ ਸੂਚਨਾ ਮੁਹੱਈਆ ਨਹੀਂ ਕਰਵਾਈ ਗਈ।

4. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ੍ਰੀ ਜ਼ਸਪ੍ਰੀਤ ਸਿੰਘ, ਐਡਵੋਕੇਟ, ਹਾਜ਼ਰ ਹੋਇਆ, ਉਸ ਵਲੋਂ ਦਸਿਆ ਗਿਆ ਕਿ ਪੀ.ਆਈ.ਓ. ਦੇ ਵੱਡੇ ਭਰਾ ਆਕਾਲ ਚਲਾਨਾ ਕਰ ਗਏ ਹਨ ਇਸ ਲਈ ਉਹ ਅੱਜ ਹਾਜ਼ਰ ਨਹੀਂ ਹੋ ਸਕਦੇ। ਇਸ ਲਈ ਅਗਲੀ ਤਾਰੀਖ ਦਿੱਤੀ ਜਾਵੇ। ਇਸ ਸਬੰਧ ਵਿਚ ਪੀ.ਆਈ.ਓ. ਵਲੋਂ ਪੱਤਰ ਨੰ: 4602/ਆਰ.ਟੀ.ਏ./ਬਠਿੰਡਾ ਮਿਤੀ 4-2-2020 ਈ.ਮੇਲ ਰਾਹੀਂ ਪ੍ਰਾਪਤ ਹੋਇਆ ਜਿਸ ਰਾਹੀਂ ਉਕਤ ਕਥਨ ਦੀ ਪੁਸਟੀ ਕੀਤੀ ਗਈ।

5. ਉੱਤਰਦਾਤਾ ਵਲੋਂ ਹਾਜਰ ਨੁਮਾਇੰਦੇ ਨੂੰ ਮੰਨਿਆ ਨਹੀਂ ਜਾ ਸਕਦਾ ਜਿਵੇਂ ਕਿ ਪਿਛਲੀ ਮਿਤੀ ਤੇ ਦਸਿਆ ਗਿਆ ਸੀ ਕਿਉਂਕਿ ਉਸ ਕੋਲ ਵਕਾਲਤਨਾਮਾ ਨਹੀਂ ਹੈ, ਸਧਾਰਨ ਪੱਤਰ ਹੈ ਜਿਸ ਤੇ ਕਿਸੇ ਅਧਿਕਾਰੀ ਦਾ ਫੋਨ ਨੰਬਰ ਅਤੇ ਪੂਰਾ ਵੇਰਵਾ ਨਹੀਂ।। ਇਸ ਲਈ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਸ੍ਰੀ ਭੁਪਿੰਦਰ ਸਿੰਘ ਨੂੰ ਹਦਾਇਤ ਕੀਤੀ ਗਈ ਸੀ ਕਿ ਉਹ ਪੇਸ਼ੀ ਤੇ ਆਪ ਹਾਜ਼ਰ ਹੋਣ। ਉੱਤਰਦਾਤਾ ਵਲੋਂ ਪ੍ਰਾਪਤ ਉਕਤ ਪੱਤਰ ਮਿਤੀ 4-2-2020 ਰਾਹੀਂ ਅਗਲੀ ਮਿਤੀ ਦੀ ਮੰਗ ਕੀਤੀ ਗਈ ਹੈ। ਸ੍ਰੀ ਭੁਪਿੰਦਰ ਸਿੰਘ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਉਹ ਪੇਸ਼ੀ ਤੇ ਆਪ ਹਾਜ਼ਰ ਹੋਣ ਅਤੇ ਅਪੀਲਕਰਤਾ ਨੂੰ ਮੰਗੀ ਗਈ ਸੂਚਨਾ/ਜਾਣਕਾਰੀ ਮੁਹੱਈਆ ਕਰਵਾਈ ਜਾਵੇ। ਇਸ ਹਦਾਇਤ ਨਾਲ ਇਹ ਕੇਸ **ਅਗਲੀ ਸੁਣਵਾਈ ਲਈ ਮਿਤੀ 17-03-2020 ਨੂੰ ਸਵੇਰੇ 11.30 ਵਜੇ ਲਈ ਨਿਸਚਿਤ** ਕੀਤਾ ਗਿਆ ਸੀ।

**(ਨਿਧੱੜਕ ਸਿੰਘ ਬਰਾੜ)**
**ਰਾਜ ਸੂਚਨਾ ਕਮਿਸ਼ਨਰ, ਪੰਜਾਬ**

**ਮਿਤੀ: ਚੰਡੀਗੜ੍ਹ, 05 ਫਰਵਰੀ, 2020.**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਮਨਜਿੰਦਰ ਸਿੰਘ 9872015069
2469, ਸੰਨੀ ਅਨਕਲੇਵ, ਸੈਕਟਰ 125,
ਖਰੜ, ਜਿਲਾ ਮੋਹਾਲੀ। ------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਫਸਰ,
ਦਫਤਰ ਸਕੱਤਰ, ਰਿਜਨਲ ਟਰਾਂਸਪੋਰਟ ਅਥਾਰਟੀ, ਫਿਰੋਜ਼ਪੁਰ।

ਪਹਿਲੀ ਅਪੀਲੀ ਅਥਾਰਟੀ,
ਕਮ-ਸਟੇਟ ਟਰਾਂਸਪੋਰਟ ਕਮਿਸ਼ਨਰ, ਪੰਜਾਬ ਚੰਡੀਗੜ੍ਹ। ------ਉੱਤਰਦਾਤਾ

**ਅਪੀਲ ਕੇਸ ਨੰ:3819 ਆਫ 2019**

**ਹਾਜ਼ਰ**

1) ਅਪੀਲਕਰਤਾ ਸ੍ਰੀ ਮਨਜਿੰਦਰ ਸਿੰਘ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ੍ਰੀ ਗੁਰਪ੍ਰੀਤ ਸਿੰਘ, ਡਾਟਾ ਐਟਰੀ ਓਪਰੇਟਰ(9914851951)

**ਹੁਕੱਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 09-07-2019 , ਲੋਕ ਸੂਚਨਾ ਅਧਿਕਾਰੀ ਦਫਤਰ ਸਕੱਤਰ, ਰਿਜਨਲ ਟਰਾਂਸਪੋਰਟ ਅਥਾਰਟੀ, ਫਿਰੋਜ਼ਪੁਰ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਕਮਰਸਿਅਲ ਨਾਲ ਕਮਰਸ਼ਿਅਲ ਵਾਹਣਾ ਲਈ ਲਏ ਗਏ ਡਰਾਇਵ ਟੈਸਟ ਅਤੇ ਜ਼ਾਰੀ ਕੀਤੇ ਗਏ ਡਰਾਇਵਿੰਗ ਲਾਇਸੰਸਾਂ ਨਾਲ ਸਬੰਧਤ 04 ਨੁਕਤਿਆਂ ਸਬੰਧੀ ਸੂਚਨਾ ਮੰਗੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 23-08-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 15-10-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 26-11-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 07-01-2020 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਪਿਛਲੀ ਮਿਤੀ 07-01-2020 ਨੂੰ ਅਪੀਲਕਰਤਾ ਸ੍ਰੀ ਮਨਜਿੰਦਰ ਸਿੰਘ ਹਾਜ਼ਰ ਹੋਇਆ ਉਸ ਵਲੋਂ ਦਸਿਆ ਗਿਆ ਕਿ ਉਸਨੂੰ ਅਜੇ ਤੱਕ ਮੰਗੀ ਗਈ ਸੂਚਨਾ ਮੁਹੱਈਆ ਨਹੀ਼ ਕਰਵਾਈ ਗਈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਕੋਈ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਹਾਜ਼ਰ ਨਾ ਹੋਣ ਬਾਰੇ ਕੋਈ ਸੂਚਨਾ ਪ੍ਰਾਪਤ ਹੋਈ ਹੈ। ਇਸ ਲਈ ਉੱਤਰਦਾਤਾ ਨੂੰ ਹਦਾਇਤ ਕੀਤੀ ਗਈ ਸੀ ਕਿ ਅਗਲੀ ਮਿਤੀ ਤੋਂ ਪਹਿਲਾਂ ਪਹਿਲਾਂ ਅਪੀਲਕਰਤਾ ਨੂੰ ਮੰਗੀ ਗਈ ਸੂਚਨਾ ਮੁਹੱਈਆ ਕਰਵਾਈ ਜਾਵੇ ਅਤੇ ਕਮਿਸ਼ਨ ਨੂੰ ਸੂਚਿਤ ਕੀਤਾ ਜਾਵੇ। ਇਸ ਹਦਾਇਤ ਨਾਲ ਇਹ ਕੇਸ ਅਗਲੀ ਸੁਣਵਾਈ ਲਈ ਮਿਤੀ 05-02-2020 ਨੂੰ ਸਵੇਰੇ 11.30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

3. ਅੱਜ ਪੇਸ਼ੀ ਤੇ ਅਪੀਲਕਰਤਾ ਸ੍ਰੀ ਮਨਜਿੰਦਰ ਸਿੰਘ ਹਾਜ਼ਰ ਹੋਇਆ, ਉਸ ਵਲੋਂ ਦਸਿਆ ਗਿਆ ਕਿ ਅਜੇ ਵੀ ਸੂਚਨਾ ਮੁਹੱਈਆ ਨਹੀਂ ਕਰਵਾਈ ਗਈ।

4. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ੍ਰੀ ਗੁਰਪ੍ਰੀਤ ਸਿੰਘ, ਡਾਟਾ ਐਟਰੀ ਓਪਰੇਟਰ ਹਾਜ਼ਰ ਹੋਇਆ ਉਸ ਵਲੋਂ ਪੱਤਰ ਨੰ: ਆਰ.ਟੀ.ਏ./ਫਿਰੋਜ਼ਪੁਰ/1734, ਮਿਤੀ 30-1-2020 ਪੇਸ਼ ਕੀਤਾ ਗਿਆ ਜ਼ੋ ਕਮਿਸ਼ਨ ਨੂੰ ਸੰਬੋਧਤ ਹੈ ਅਤੇ ਉਤਾਰਾ ਅਪੀਲਕਰਤਾ ਨੂੰ ਕੀਤਾ ਗਿਆ ਹੈ। ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ।

5. ਉੱਤਰਦਾਤਾ ਵਲੋਂ ਉਕਤ ਪੱਤਰ ਰਾਹੀਂ ਲਿਆਂਦੀ ਗਈ ਸੂਚਨਾ ਅਪੀਲਕਰਤਾ ਨੂੰ ਮੁਹੱਈਆ ਕਰਵਾ ਦਿੱਤੀ ਗਈ । ਇਸ ਤਰ੍ਹਾਂ ਉੱਤਰਦਾਤਾ ਵਲੋਂ ਪੱਤਰ ਨੰ: ਆਰ.ਟੀ.ਏ./ਫਿਰੋਜ਼ਪੁਰ/1734, ਮਿਤੀ 30-1-2020 ਅਪੀਲਕਰਤਾ ਨੂੰ ਪੇਸ਼ੀ ਦੋਰਾਨ ਦਿੱਤਾ ਗਿਆ ਜਿਸ ਅਨੁਸਾਰ ਦਸਿਆ ਗਿਆ ਹੈ ਕਿ ਅਪੀਲਕਰਤਾ ਨੂੰ ਪੱਤਰ ਨੰ: ਆਰ.ਟੀ.ਏ./ਫਿਰੋਜ਼ਪੁਰ/869, ਮਿਤੀ 3-8-2019 ਰਾਹੀਂ ਸੂਚਨਾ ਮੁਹੱਈਆ ਕਰਵਾ ਦਿੱਤੀ ਗਈ ਹੈ। ਇਸ ਲਈ ਇਸ ਕੇਸ ਵਿਚ ਹੋਰ ਕਿਸੇ ਕਾਰਵਾਈ ਦੀ ਲੋੜ ਨਹੀਂ। ਇਹ **ਅਪੀਲ ਕੇਸ ਦਾਖਲ ਦਫਤਰ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਮਿਤੀ: ਚੰਡੀਗੜ੍ਹ, 05 ਫਰਵਰੀ, 2020.** **ਰਾਜ ਸੂਚਨਾ ਕਮਿਸ਼ਨਰ, ਪੰਜਾਬ**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਕੁਲਦੀਪ ਸਿੰਘ 9356211555
437 ਏ ਮੋਡਲ ਟਾਊਨ ਏਕਸਟੈਂਸ਼ਨ ਲੁਧਿਆਣਾ। -------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਐਮ.ਸੀ. ਲੁਧਿਆਣਾ।

ਪਹਿਲੀ ਅਪੀਲੀ ਅਥਾਰਟੀ
ਐਮ.ਸੀ. ਲੁਧਿਆਣਾ। --------ਉੱਤਰਦਾਤਾ

**ਅਪੀਲ ਕੇਸ ਨੰ: 3633/2019**

**ਹਾਜ਼ਰ:-**

1) ਅਪੀਲਕਰਤਾ ਸ਼੍ਰੀ ਕੁਲਦੀਪ ਸਿੰਘ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਕੋਈ ਨਹੀਂ।

**ਹੁੱਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 09-07-2019, ਲੋਕ ਸੂਚਨਾ ਅਧਿਕਾਰੀ, ਦਫਤਰ ਐਮ.ਸੀ. ਲੁਧਿਆਣਾ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਨਗਰ ਨਿਗਮ ਲੁਧਿਆਣਾ ਵਿਚ ਤੈਨਾਤ ਸਟਾਫ ਨਾਲ ਸਬੰਧਤ 11 ਨੁਕਤਿਆਂ ਸਬੰਧੀ ਸੂਚਨਾ ਮੰਗੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 14-08-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 26-09-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 16-10-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 13-11-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ। ਇਸ ਉਪਰੰਤ ਅਗਲੀ ਸੁਣਵਾਈ ਮਿਤੀ 07-01-2020 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2 ਪਿਛਲੀ ਮਿਤੀ 07-01-2020 ਨੂੰ ਅਪੀਲਕਰਤਾ ਸ਼੍ਰੀ ਕੁਲਦੀਪ ਸਿੰਘ ਪੇਸ਼ੀ ਤੇ ਹਾਜ਼ਰ ਹੋਇਆ, ਉਸ ਵਲੋਂ ਦਸਿਆ ਗਿਆ ਕਿ ਉਸਨੂੰ ਅੱਜੇ ਤੱਕ ਮੁਕੰਮਲ ਸੂਚਨਾ ਮੁਹੱਈਆ ਨਹੀਂ ਕਰਵਾਈ ਗਈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਕੋਈ ਨਹੀਂ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਹਾਜ਼ਰ ਨਾ ਹੋਣ ਬਾਰੇ ਕੋਈ ਸੂਚਨਾ ਪ੍ਰਾਪਤ ਹੋਈ ਹੈ। ਇਸ ਲਈ ਮਿਉਂਸਪਲ ਕਮਿਸ਼ਨਰ, ਲੁਧਿਆਣਾ ਨੂੰ ਹਦਾਇਤ ਕੀਤੀ ਗਈ ਸੀ ਕਿ ਇਸ ਕੇਸ ਨੂੰ ਗੰਭੀਰਤਾ ਨਾਲ ਲੈ ਕੇ ਅਪੀਲਕਰਤਾ ਨੂੰ ਜਾਣਕਾਰੀ ਮੁਹੱਈਆ ਕਰਵਾਈ ਜਾਵੇ ਅਤੇ ਇਸ ਕੇਸ ਦਾ ਛੇਤੀ ਨਿਪਟਾਰਾ ਕੀਤਾ ਜਾਵੇ ਇਸ ਦੇ ਨਾਲ ਹੀ ਪੇਸ਼ੀ ਤੇ ਹਾਜ਼ਰ ਨਾ ਹੋਣ ਬਾਰੇ ਲਿਖਤੀ ਰੂਪ ਵਿਚ ਸਪਸ਼ਟੀਕਰਨ ਪੇਸ਼ ਕੀਤਾ ਜਾਵੇ। ਇਸ ਹਦਾਇਤ ਨਾਲ ਇਹ ਕੇਸ ਅਗਲੀ ਸੁਣਵਾਈ ਲਈ ਮਿਤੀ 05-02-2020 ਨੂੰ ਸਵੇਰੇ 11.30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

3. ਅਪੀਲਕਰਤਾ ਸ਼੍ਰੀ ਕੁਲਦੀਪ ਸਿੰਘ ਹਾਜ਼ਰ ਹੋਇਆ ਉਸ ਵਲੋਂ ਦਸਿਆ ਗਿਆ ਕਿ ਉਸਨੂੰ ਮੰਗੀ ਗਈ ਮੁੱਕਮਲ ਸੂਚਨਾ ਅਜੇ ਤੱਕ ਮੁਹੱਈਆ ਨਹੀ ਕਰਵਾਈ ਗਈ।

4. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਕੋਈ ਹਾਜ਼ਰ ਨਹੀਂ ਹੋਇਆ ਪਰ ਈ.ਮੇਲ. ਰਾਹੀਂ ਪ੍ਰਾਪਤ ਪੱਤਰ ਨੰ: 176/ਡੀ.ਸੀ.ਐਫ.ਏ. ਮਿਤੀ 3-2-2020 ਜ਼ੋ ਕਮਿਸ਼ਨ ਨੂੰ ਸੰਬੋਧਤ ਹੈ ਰਾਹੀਂ ਦਸਿਆ ਗਿਆ ਕਿ ਇਸ ਕੇਸ ਦਾ ਸਬੰਧ ਚੁੰਗੀ ਬਰਾਂਚ ਨਾਲ ਹੈ ਅਤੇ ਇਹ ਪੱਤਰ ਮਿਤੀ 6-12-2019 ਰਾਹੀਂ ਤਬਦੀਲ ਕਰ ਦਿੱਤਾ ਗਿਆ ਸੀ ਅਤੇ ਪੱਤਰ ਮਿਤੀ 6-12-2019 ਰਾਹੀ਼ ਸ੍ਰੀ ਵਿਨੈ ਕੁਮਾਰ ਨਗਰ ਨਿਗਮ ਲੁਧਿਆਣਾ ਨੂੰ ਇਹ ਕੇਸ ਅਟੈਂਡ ਕਰਨ ਲਈ ਲਿਖਿਆ ਗਿਆ ਸੀ ਪਰ ਕੋਈ ਹਾਜ਼ਰ ਨਹੀਂ ਹੋਇਆ ਸੀ। ਇਸ ਤੋਂ ਇਲਾਵਾ ਪੱਤਰ ਨੰ: 257 /ਐਮ.ਓ. ਮਿਤੀ 16-1-2020 ਅਨੁਸਾਰ ਸੁਪਰਡੰਟ ਨਗਰ ਨਿਗਮ ਲੁਧਿਆਣਾ ਵਲੋਂ ਪਹਿਲੀ ਅਪੀਲੀ ਅਥਾਰਟੀ ਨੂੰ ਦਸਿਆ ਗਿਆ ਕਿ ਉਨ੍ਹਾਂ ਵਲੋਂ ਪੈਰਾ ਨੰ: 1 ਜ਼ੋ ਉਨ੍ਹਾਂ ਨਾਲ ਸਬੰਧਤ ਹੈ ਦਾ ਉੱਤਰ ਦੇ ਦਿੱਤਾ ਗਿਆ ਹੈ। ਨੁਕਤਾ ਨੰ: 2 ਤੋਂ 11 ਦਾ ਸਬੰਧ ਡੀ.ਸੀ.ਐਫ.ਏ. ਨਾਲ ਹੈ।

5. ਉੱਤਰਦਾਤਾ ਨੂੰ ਪਿਛਲੀ ਮਿਤੀ ਨੂੰ ਜ਼ਾਰੀ ਹੁਕੱਮਾਂ ਅਨੁਸਾਰ ਮੰਗੀ ਗਈ ਸੂਚਨਾ ਮੁਹੱਈਆ ਕਰਵਾਉਣ ਲਈ

ਪਰਤੋ ਜੀ-----ਚਲਦਾ ਪੰਨਾ/2

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**



**ਅਪੀਲ ਕੇਸ ਨੰ:** 3633/2019

ਲਿਖਿਆ ਗਿਆ ਸੀ ਪਰ ਅਪੀਲਕਰਤਾ ਨੂੰ ਸੂਚਨਾ ਦੇਣ ਦੀ ਬਜਾਇ ਐਮ.ਸੀ. ਆਫਿਸ ਲੁਧਿਆਣਾ ਵਲੋਂ ਆਪਸ ਵਿਚ ਪੱਤਰ ਵਿਹਾਰ ਕੀਤਾ ਜਾ ਰਿਹਾ ਹੈ। ਉੱਤਰਦਾਤਾ ਵਲੋਂ ਅੱਜ ਵੀ ਪੇਸ਼ੀ ਤੇ ਕੋਈ ਹਾਜ਼ਰ ਨਹੀਂ ਹੋਇਆ ਜਦੋਂ ਕਿ ਪਿਛਲੀ ਮਿਤੀ ਤੇ ਮਿਉਂਸਪਲ ਕਮਿਸ਼ਨਰ, ਲੁਧਿਆਣਾ ਨੂੰ ਹਦਾਇਤ ਕੀਤੀ ਗਈ ਸੀ ਕਿ ਇਸ ਕੇਸ ਨੂੰ ਗੰਭੀਰਤਾ ਨਾਲ ਲੈ ਕੇ ਅਪੀਲਕਰਤਾ ਨੂੰ ਜਾਣਕਾਰੀ ਮੁਹੱਈਆ ਕਰਵਾਈ ਜਾਵੇ ਅਤੇ ਇਸ ਕੇਸ ਦਾ ਛੇਤੀ ਨਿਪਟਾਰਾ ਕੀਤਾ ਜਾਵੇ ਇਸ ਦੇ ਨਾਲ ਹੀ ਪੇਸ਼ੀ ਤੇ ਹਾਜ਼ਰ ਨਾ ਹੋਣ ਬਾਰੇ ਲਿਖਤੀ ਰੂਪ ਵਿਚ ਸਪਸ਼ਟੀਕਰਨ ਪੇਸ਼ ਕੀਤਾ ਜਾਵੇ।ਪਰ ਇਸਦੇ ਉਲਟ ਅਪੀਲਕਰਤਾ ਨੂੰ ਅਜੇ ਤੱਕ ਸੂਚਨਾ ਮੁਹੱਈਆ ਨਹੀਂ ਕਰਵਾਈ ਗਈ ਅਤੇ ਨਾ ਹੀ ਕੋਈ ਨੁਮਾਇੰਦਾ ਪੇਸ਼ੀ ਤੇ ਹਾਜ਼ਰ ਹੋਇਆ। ਇਸ ਲਈ ਉੱਤਰਦਾਤਾ ਨੂੰ ਮੁੜ ਹਦਾਇਤ ਕੀਤੀ ਜਾਂਦੀ ਹੈ ਕਿ ਇਸ ਕੇਸ ਵਿਚ ਅਪੀਲਕਰਤਾ ਨੂੰ ਸੂਚਨਾ ਮੁਹੱਈਆ ਕਰਵਾਈ ਜਾਵੇ ਅਤੇ ਅਗਲੀ ਮਿਤੀ ਤੇ ਹਾਜ਼ਰੀ ਯਕੀਨੀ ਬਣਾਈ ਜਾਵੇ। ਇਸ ਹਦਾਇਤ ਨਾਲ ਇਹ ਕੇਸ **ਅਗਲੀ ਸੁਣਵਾਈ ਲਈ ਮਿਤੀ 17-03-2020 ਨੂੰ ਸਵੇਰੇ 11.30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
**ਰਾਜ ਸੂਚਨਾ ਕਮਿਸ਼ਨਰ, ਪੰਜਾਬ ।**

**ਮਿਤੀ: ਚੰਡੀਗੜ੍ਹ,** 05 **ਫਰਵਰੀ,** 2020.

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਮਨਜਿੰਦਰ ਸਿੰਘ 9872015069
2469, ਸੰਨੀ ਅਨਕਲੇਵ, ਸੈਕਟਰ 125, ਖਰੜ, ਜਿਲਾ ਮੋਹਾਲੀ। ------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਫਸਰ,
ਦਫਤਰ ਸਕੱਤਰ, ਰਿਜਨਲ ਟਰਾਂਸਪੋਰਟ ਅਥਾਰਟੀ, ਫਰੀਦਕੋਟ.

ਪਹਿਲੀ ਅਪੀਲੀ ਅਥਾਰਟੀ,
ਕਮ-ਸਟੇਟ ਟਰਾਂਸਪੋਰਟ ਕਮਿਸ਼ਨਰ, ਪੰਜਾਬ ਚੰਡੀਗੜ੍ਹ। ------ਉੱਤਰਦਾਤਾ

**ਅਪੀਲ ਕੇਸ ਨੰ:3820 ਆਫ 2019**

**ਹਾਜ਼ਰ**

1) ਅਪੀਲਕਰਤਾ ਸ੍ਰੀ ਮਨਜਿੰਦਰ ਸਿੰਘ ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ੍ਰੀ ਜ਼ਸਪ੍ਰੀਤ ਸਿੰਘ, ਐਡਵੋਕੇਟ ।

**ਹੁਕੱਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 09-07-2019 , ਲੋਕ ਸੂਚਨਾ ਅਧਿਕਾਰੀ ਦਫਤਰ ਸਕੱਤਰ, ਰਿਜਨਲ ਟਰਾਂਸਪੋਰਟ ਅਥਾਰਟੀ, ਫਰੀਦਕੋਟ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਕਮਰਸ਼ਿਅਲ ਅਤੇ ਨਾਨ ਕਮਰਸ਼ਿਅਲ ਵਾਹਣਾ ਲਈ ਟਰੈਕ ਤੇ ਡਰਾਈਵ ਟੈਸਟ ਅਤੇ ਡਰਾਈਵਿੰਗ ਲਾਇਸੰਸਾਂ ਨਾਲ ਸਬੰਧਤ 04 ਨੁਕਤਿਆਂ ਸਬੰਧੀ ਸੂਚਨਾ ਮੰਗੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 23-08-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 15-10-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 26-11-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 08-01-2020 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਪਿਛਲੀ ਮਿਤੀ 08-01-2020 ਨੂੰ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਹਦਾਇਤ ਕੀਤੀ ਗਈ ਸੀ ਕਿ ਵੇਰਵੇ ਸਹਿਤ ਨੰਬਰਵਾਇਜ਼ ਉੱਤਰ ਦਿੱਤਾ ਜਾਵੇ। ਇਸ ਹਦਾਇਤ ਨਾਲ ਇਹ ਕੇਸ ਅਗਲੀ ਸੁਣਵਾਈ ਲਈ ਮਿਤੀ 05-02-2020 ਨੂੰ ਸਵੇਰੇ 11.30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

3. ਅਪੀਲਕਰਤਾ ਸ੍ਰੀ ਮਨਜਿੰਦਰ ਸਿੰਘ ਹਾਜ਼ਰ ਹੋਇਆ, ਉਸ ਵਲੋਂ ਦਸਿਆ ਗਿਆ ਕਿ ਉਸਨੂੰ ਅਜੇ ਤੱਕ ਮੰਗੀ ਗਈ ਸੂਚਨਾ ਮੁਹੱਈਆ ਨਹੀਂ ਕਰਵਾਈ ਗਈ।

4. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ੍ਰੀ ਜ਼ਸਪ੍ਰੀਤ ਸਿੰਘ, ਐਡਵੋਕੇਟ, ਹਾਜ਼ਰ ਹੋਇਆ।

5. ਉੱਤਰਦਾਤਾ ਵਲੋਂ ਹਾਜਰ ਨੁਮਾਇੰਦੇ ਨੂੰ ਮੰਨਿਆ ਨਹੀਂ ਜਾ ਸਕਦਾ ਜਿਵੇਂ ਕਿ ਪਿਛਲੀ ਮਿਤੀ ਤੇ ਦਸਿਆ ਗਿਆ ਸੀ ਕਿਉਂਕਿ ਉਸ ਕੋਲ ਵਕਾਲਤਨਾਮਾ ਨਹੀਂ ਹੈ, ਸਧਾਰਨ ਪੱਤਰ ਹੈ ਜਿਸ ਤੇ ਕਿਸੇ ਅਧਿਕਾਰੀ ਦਾ ਫੋਨ ਨੰਬਰ ਅਤੇ ਪੂਰਾ ਵੇਰਵਾ ਨਹੀਂ। ਇਸ ਲਈ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਹਦਾਇਤ ਕੀਤੀ ਗਈ ਸੀ ਕਿ ਵੇਰਵੇ ਸਹਿਤ ਨੰਬਰਵਾਇਜ਼ ਉੱਤਰ ਦਿੱਤਾ ਜਾਵੇ।ਇਸ ਲਈ ਉੱਤਰਦਾਤਾ ਨੂੰ ਮੁੜ ਹਦਾਇਤ ਕੀਤੀ ਜਾਂਦੀ ਹੈ ਕਿ ਉਹ ਪੇਸ਼ੀ ਤੇ ਆਪ ਹਾਜ਼ਰ ਹੋਣ ਅਤੇ ਅਪੀਲਕਰਤਾ ਨੂੰ ਮੰਗੀ ਗਈ ਸੂਚਨਾ/ਜਾਣਕਾਰੀ ਮੁਹੱਈਆ ਕਰਵਾਈ ਜਾਵੇ। ਇਸ ਹਦਾਇਤ ਨਾਲ ਇਹ ਕੇਸ **ਅਗਲੀ ਸੁਣਵਾਈ ਲਈ ਮਿਤੀ 17-03-2020 ਨੂੰ ਸਵੇਰੇ 11.30 ਵਜੇ ਲਈ ਨਿਸਚਿਤ** ਕੀਤਾ ਗਿਆ ਸੀ।

(ਨਿਧੱੜਕ ਸਿੰਘ ਬਰਾੜ)
**ਮਿਤੀ: ਚੰਡੀਗੜ੍ਹ, 05 ਫਰਵਰੀ, 2020.** **ਰਾਜ ਸੂਚਨਾ ਕਮਿਸ਼ਨਰ, ਪੰਜਾਬ**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਮਨਜਿੰਦਰ ਸਿੰਘ 9872015069
2469, ਸੰਨੀ ਅਨਕਲੇਵ, ਸੈਕਟਰ 125,
ਖਰੜ, ਜਿਲਾ ਮੋਹਾਲੀ। ------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਫਸਰ,
ਦਫਤਰ ਸਕੱਤਰ, ਰਿਜਨਲ ਟਰਾਂਸਪੋਰਟ ਅਥਾਰਟੀ, ਹੁਸ਼ਿਆਰਪੁਰ।

ਪਹਿਲੀ ਅਪੀਲੀ ਅਥਾਰਟੀ,
ਕਮ-ਸਟੇਟ ਟਰਾਂਸਪੋਰਟ ਕਮਿਸ਼ਨਰ, ਪੰਜਾਬ ਚੰਡੀਗੜ੍ਹ। ------ਉੱਤਰਦਾਤਾ

**ਅਪੀਲ ਕੇਸ ਨੰ:3821 ਆਫ 2019**

**ਹਾਜ਼ਰ**

1) ਅਪੀਲਕਰਤਾ ਸੀ ਮਨਜਿੰਦਰ ਸਿੰਘ
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ੍ਰੀ ਜੈ ਰਾਮ ਸਿੰਘ, ਜੂਨੀਅਰ ਸਹਾਇਕ (8727049033)

**ਹੁਕੱਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 09-07-2019 , ਲੋਕ ਸੂਚਨਾ ਅਧਿਕਾਰੀ ਦਫਤਰ ਸਕੱਤਰ, ਰਿਜਨਲ ਟਰਾਂਸਪੋਰਟ ਅਥਾਰਟੀ, ਹੁਸ਼ਿਆਰਪੁਰ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਕਮਰਸ਼ਿਅਲ ਅਤੇ ਨਾਨ ਕਮਰਸ਼ਿਅਲ ਵਾਹਣਾ ਲਈ ਟਰੈਕ ਤੇ ਡਰਾਈਵ ਟੈਸਟ ਅਤੇ ਡਰਾਈਵਿੰਗ ਲਾਇਸੰਸਾਂ ਨਾਲ ਸਬੰਧਤ 04 ਨੁਕਤਿਆਂ ਸਬੰਧੀ ਸੂਚਨਾ ਮੰਗੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 23-08-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 15-10-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 26-11-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 08-01-2020 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਪਿਛਲੀ ਮਿਤੀ 08-01-2020 ਨੂੰ ਅਪੀਲਕਰਤਾ ਸ੍ਰੀ ਮਨਜਿੰਦਰ ਸਿੰਘ ਪੇਸ਼ੀ ਤੇ ਹਾਜ਼ਰ ਹੋਇਆ, ਉਸ ਵਲੋਂ ਦਸਿਆ ਗਿਆ ਕਿ ਉਸਨੂੰ ਅਜੇ ਤੱਕ ਮੰਗੀ ਗਈ ਸੂਚਨਾ ਮੁਹੱਈਆ ਨਹੀਂ ਕਰਵਾਈ ਗਈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਕੋਈ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਹਾਜ਼ਰ ਨਾ ਹੋਣ ਬਾਰੇ ਕੋਈ ਸੂਚਨਾ ਪ੍ਰਾਪਤ ਹੋਈ ਹੈ। ਇਸ ਲਈ ਉੱਤਰਦਾਤਾ ਨੂੰ ਹਦਾਇਤ ਕੀਤੀ ਗਈ ਸੀ ਕਿ ਅਗਲੀ ਮਿਤੀ ਤੋਂ ਪਹਿਲਾਂ ਪਹਿਲਾਂ ਅਪੀਲਕਰਤਾ ਨੂੰ ਮੰਗੀ ਗਈ ਸੂਚਨਾ ਮੁਹੱਈਆ ਕਰਵਾਈ ਜਾਵੇ ਅਤੇ ਕਮਿਸ਼ਨ ਨੂੰ ਸੂਚਿਤ ਕੀਤਾ ਜਾਵੇ। ਇਸ ਹਦਾਇਤ ਨਾਲ ਇਹ ਕੇਸ ਅਗਲੀ ਸੁਣਵਾਈ ਲਈ ਮਿਤੀ 05-02-2020 ਨੂੰ ਸਵੇਰੇ 11.30 ਵਜੇ ਲਈ ਨਿਸਚਿਤ ਕੀਤਾ ਜਾਂਦਾ ਹੈ।

3. ਅਪੀਲਕਰਤਾ ਸ੍ਰੀ ਮਨਜਿੰਦਰ ਸਿੰਘ ਪੇਸ਼ੀ ਤੇ ਹਾਜ਼ਰ ਹੋਇਆ, ਉਸ ਵਲੋਂ ਦਸਿਆ ਗਿਆ ਕਿ ਉਸਨੂੰ ਅਜੇ ਤੱਕ ਮੰਗੀ ਗਈ ਸੂਚਨਾ ਮੁਹੱਈਆ ਨਹੀਂ ਕਰਵਾਈ ਗਈ।

4. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ੍ਰੀ ਜੈ ਰਾਮ ਸਿੰਘ, ਜੂਨੀਅਰ ਸਹਾਇਕ ਹਾਜ਼ਰ ਹੋਇਆ ਉਸ ਵਲੋਂ ਪੱਤਰ ਨੰ:ਆਰ.ਟੀ.ਏ./ਹੁਸ਼ਿਆਰਪੁਰ/813 ਮਿਤੀ 4-2-2020 ਪੇਸ਼ ਕੀਤਾ ਗਿਆ ਜ਼ੋ ਕਮਿਸ਼ਨ ਨੂੰ ਸੰਬੋਧਤ ਹੈ ਅਤੇ ਉਤਾਰਾ ਅਪੀਲਕਰਤਾ ਨੂੰ ਕੀਤਾ ਗਿਆ ਹੈ। ਉੱਤਰਦਾਤਾ ਵਲੋਂ ਲਿਆਂਦਾ ਗਿਆ ਇਹ ਪੱਤਰ ਅਪੀਲਕਰਤਾ ਨੂੰ ਦੇ ਦਿੱਤਾ ਗਿਆ ਜਿਸ ਤੋਂ ਉਸ ਵਲੋਂ ਸੰਤੁਸ਼ਟੀ ਪ੍ਰਗਟ ਕੀਤੀ ਗਈ । ਇਸ ਤਰ੍ਹਾਂ ਇਸ ਕੇਸ ਵਿਚ ਹੋਰ ਕਾਰਵਾਈ ਦੀ ਲੋੜ ਨਹੀਂ। ਇਹ **ਅਪੀਲ ਕੇਸ ਦਾਖਲ ਦਫਤਰ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਮਿਤੀ: ਚੰਡੀਗੜ੍ਹ, 05 ਫਰਵਰੀ, 2020.** **ਰਾਜ ਸੂਚਨਾ ਕਮਿਸ਼ਨਰ, ਪੰਜਾਬ**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀਮਤੀ ਚਰਨਜੀਤ ਕੋਰ ਪਤਨੀ ਅਜਮੇਰ ਸਿੰਘ 8872897099
ਮਕਾਨ ਨੰ 2193 ਪਹਿਲੀ ਮੰਜਲ ਜਲ ਵਾਯੂ ਵਿਹਾਰ ,ਮੁਹਾਲੀ, -------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ ਕਮ ਡੀਨ ਰਿਸਰਚ,
ਪੰਜਾਬੀ ਯੂਨੀਵਰਸਿਟੀ ਪਟਿਆਲਾ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਡੀਨ ਰਿਸਰਚ ਪੰਜਾਬੀ ਯੂਨੀਵਰਸਿਟੀ ਪਟਿਆਲਾ। -------ਉੱਤਰਦਾਤਾ

**ਅਪੀਲ ਕੇਸ ਨੰ: 3483/2019**

**ਹਾਜ਼ਰ:-**

1) ਅਪੀਲਕਰਤਾ ਵਲੋਂ ਸ੍ਰੀ ਅਜਮੇਰ ਸਿੰਘ
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵਲੋਂ ਸ੍ਰੀ ਵਿਕਰਾਂਤ ਸ਼ਰਮਾਂ, ਐਡਵੋਕੇਟ (99141-05515)

**ਹੁੱਕਮ:**

ਪਿਛਲੀ ਮਿਤੀ 16-01-2020 ਨੂੰ ਅਪੀਲਕਰਤਾ ਵਲੋਂ ਸ੍ਰੀ ਅਜਮੇਰ ਸਿੰਘ ਹਾਜ਼ਰ ਹੋਇਆ, ਉਸ ਵਲੋਂ ਦਸਿਆ ਗਿਆ ਕਿ ਉਨ੍ਹਾਂ ਨੂੰ ਅਜੇ ਤੱਕ ਮੰਗੀ ਗਈ ਜਾਣਕਾਰੀ ਮੁਹੱਈਆ ਨਹੀਂ ਕਰਵਾਈ ਗਈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵਲੋਂ ਸ੍ਰੀ ਵਿਕਰਾਂਤ ਸ਼ਰਮਾਂ, ਐਡਵੋਕੇਟ ਹਾਜ਼ਰ ਹੋਇਆ, ਉਸ ਵਲੋਂ ਦਸਿਆ ਗਿਆ ਕਿ ਅਪੀਲਕਰਤਾ ਨੂੰ ਸੂਚਨਾ ਭੇਜ਼ ਦਿੱਤੀ ਗਈ ਹੈ ਅਤੇ ਕਮਿਸ਼ਨ ਨੂੰ ਵੀ ਸੁਚਿਤ ਕੀਤਾ ਜਾ ਚੁੱਕਾ ਹੈ, ਜ਼ੋ ਕਿ ਅਪੀਲਕਰਤਾ ਨੂੰ ਪ੍ਰਾਪਤ ਨਹੀਂ ਹੋਈ ਅਤੇ ਨਾ ਹੀ ਅਜ ਕਮਿਸ਼ਨ ਪਾਸ ਇਸ ਸਬੰਧੀ ਕੋਈ ਸੂਚਨਾ ਪ੍ਰਾਪਤ ਹੋਈ ਸੀ। ਅਪੀਲਕਰਤਾ ਨੂੰ ਹਦਾਇਤ ਕੀਤੀ ਗਈ ਹੈ ਕਿ ਪ੍ਰਾਪਤ ਸੂਚਨਾ ਵਿਚ ਕੋਈ ਤਰੁੱਟੀਆਂ ਪਾਈਆਂ ਜਾਂਦੀਆਂ ਹਨ ਤਾਂ ਸਿੱਧੇ ਤੌਰ ਤੇ ਲੋਕ ਸੂਚਨਾ ਅਧਿਕਾਰੀ ਨੂੰ ਲਿਖਦੇ ਹੋਏ ਕਮਿਸ਼ਨ ਨੂੰ ਸੂਚਿਤ ਕੀਤਾ ਜਾਵੇ। ਇਸ ਦੇ ਨਾਲ ਹੀ ਉੱਤਰਦਾਤਾ ਨੂੰ ਹਦਾਇਤ ਕੀਤੀ ਗਈ ਸੀ ਕਿ ਅਪੀਲਕਰਤਾ ਵਲੋਂ ਦਸੀਆਂ ਗਈਆਂ ਤਰੁੱਟੀਆਂ ਦੂਰ ਕਰਦੇ ਹੋਏ ਅਗਲੀ ਪੇਸ਼ੀ ਤੋਂ ਪਹਿਲਾਂ ਪਹਿਲਾਂ ਉਸਨੂੰ ਲਿਖਤੀ ਰੂਪ ਵਿਚ ਭੇਜਦੇ ਹੋਏ ਕਮਿਸ਼ਨ ਨੂੰ ਸੂਚਿਤ ਕੀਤਾ ਜਾਵੇ। ਇਸ ਹਦਾਇਤ ਨਾਲ ਇਹ ਅਪੀਲ ਕੇਸ ਅਗਲੀ ਸੁਣਵਾਈ ਲਈ ਮਿਤੀ 05-02-2020 ਨੂੰ ਸਵੇਰੇ 11.30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅਪੀਲਕਰਤਾ ਵਲੋਂ ਸ੍ਰੀ ਅਜਮੇਰ ਸਿੰਘ ਹਾਜ਼ਰ ਹੋਇਆ ਉਸ ਵਲੋਂ ਪੱਤਰ ਮਿਤੀ 5-2-2020 ਪੇਸ਼ ਕੀਤਾ ਗਿਆ ਅਤੇ ਦਸਿਆ ਗਿਆ ਕਿ ਭੇਜੀ ਗਈ ਸੂਚਨਾ ਸਹੀ ਨਹੀਂ ਹੈ ਅਤੇ ਨਾ ਹੀ ਆਰ.ਟੀ.ਆਈ. ਅਰਜੀ ਮਿਤੀ 15-5-2019 ਦੇ ਪੈਰਾ 9(ੰ)ਤੋਂ (ੰੰੰ) ਅਤੇ ਪਹਿਲੀ ਅਪੀਲ ਮਿਤੀ 7-8-2019 ਦੇ ਪੈਰਾ 5(ੰੰੰ) ਅਨੁਸਾਰ ਨਹੀਂ ਦਿੱਤੀ ਗਈ। ਉਸ ਵਲੋਂ ਇਸ ਵਿਚ ਪੱਤਰ ਨੰ: 1798/ਐਸ-7/10-18/ਆਰਟੀ.ਆਈ.ਸੈਂਲ ਮਿਤੀ 20-3-2018 ਨਾਲ ਭੇਜੇ ਗਏ ਨਮੂਨਾ ਫਾਰਮ ਫਾਰਮ ਨੰ: ਟੀ 9287 ਬਾਰੇ ਸਪਸਟ ਕੀਤਾ ਜਾਵੇ ਕਿ ਇਹ ਯੂਨੀਵਰਸਿਟੀ ਵਿਚ ਕਿਸ/ਕਿਹੜੇ ਸਾਲ ਤੋਂ ਲਾਗੂ ਹੈ?

3. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵਲੋਂ ਸ੍ਰੀ ਵਿਕਰਾਂਤ ਸ਼ਰਮਾਂ, ਐਡਵੋਕੇਟ ਵਲੋਂ ਦਸਿਆ ਗਿਆ ਕਿ ਉਨ੍ਹਾਂ ਵਲੋਂ ਅਪੀਲਕਰਤਾ ਨੂੰ ਸਮੇ ਸਮੇਂ ਮੰਗੀ ਗਈ ਜਾਣਕਰੀ ਮੁਹੱਈਆ ਕਰਵਾਈ ਜਾ ਚੁੱਕੀ ਹੈ ਅਤੇ ਉਸ ਵਲੋਂ ਤਰੁੱਟੀਆਂ ਦਸੀਆਂ ਜਾਣੀਆਂ ਸਨ ਜੋ ਅਜੇ ਤੱਕ ਨਹੀ਼ ਦਸੀਆਂ ਗਈਆਂ। ਇਸ ਸਬੰਧ ਵਿਚ ਉਸ ਵਲੋਂ ਉੱਤਰਦਾਤਾ ਦੇ ਪਤਰ ਨੰ: 250/ਐਸ-7/497-19/ਆਰ.ਟੀ.ਆਈ.ਸੈਲ ਮਿਤੀ 13-1-2020 ਪੇਸ਼ ਕੀਤਾ ਗਿਆ ਜੋ ਕਮਿਸ਼ਨ ਨੂੰ ਸੰਬੋਧਤ ਹੈ ਜੋ ਡਾਕ ਰਾਹੀਂ ਪ੍ਰਾਪਤ ਹੋਇਆ ਸੀ। ਪੱਤਰ ਮਿਸਲ ਤੇ ਉਪਲਭਧ ਹੈ।

4. ਅਪੀਲਕਰਤਾ ਵਲੋਂ ਉੱਤਰਦਾਤਾ ਲੋਕ ਸੂਚਨਾ ਅਧਿਕਾਰੀ ਵਲੋਂ ਦਿੱਤੀ ਗਈ ਸੂਚਨਾ ਸਹੀ ਨਾ ਦਸਦੇ ਹੋਏ ਉਸਦੀ ਅਰਜੀ ਅਤੇ ਅਪੀਲ ਵਿਚ ਦਸੇ ਅਨੁਸਾਰ ਅਰਜੀ ਮਿਤੀ 15-5-2019 ਦੇ ਪੈਰਾ 9(ੰ)ਤੋਂ (ੰੰੰ) ਅਤੇ ਪਹਿਲੀ ਅਪੀਲ ਮਿਤੀ 7-8-2019 ਦੇ ਪੈਰਾ 5(ੰੰੰ) ਅਨੁਸਾਰ ਪੱਤਰ ਨੰ: 1798/ਐਸ-7/10-18/ਆਰਟੀ.ਆਈ.ਸੈਂਲ ਮਿਤੀ 20-3-2018 ਨਾਲ ਭੇਜੇ ਗਏ ਨਮੂਨਾ ਫਾਰਮ ਨੰ: ਟੀ 9287 ਬਾਰੇ ਸਪਸਟ ਕੀਤਾ ਜਾਵੇ ਕਿ ਇਹ ਯੂਨੀਵਰਸਿਟੀ ਵਿਚ ਕਿਸ/ਕਿਹੜੇ ਸਾਲ ਤੋਂ ਲਾਗੂ ਹੈ? ਦੋਨਾਂ ਧਿਰਾਂ ਵਲੋਂ ਪੇਸ਼ ਕੀਤੇ ਗਏ ਦਸਤਾਵੇਜ਼ਾਂ ਅਤੇ ਪੇਸ਼ ਕੀਤੀਆਂ ਗਈਆਂ ਦਲੀਲਾਂ ਉਪਰੰਤ ਇਹ ਸਹਿਮਤੀ ਬਣੀ ਕਿ

ਪਰਤੋ ਜੀ-----ਚਲਦਾ ਪੰਨਾ/2

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**



**ਅਪੀਲ ਕੇਸ ਨੰ:** 3483/2019

ਅਪੀਲਕਰਤਾ ਪੀ.ਆਈ.ਓ. ਦੇ ਦਫਤਰ ਕਿਸੇ ਕੰਮ ਵਾਲੇ ਦਿਨ ਹਾਜਰ ਹੋ ਕੇ ਰਿਕਾਰਡ ਵੇਖੇਗਾ ਅਤੇ ਉੱਤਰਦਾਤਾ ਸ਼ਨਾਖਤ ਕੀਤੇ ਗਏ ਦਸਤਾਵੇਜ ਅਤੇ ਸਰਟੀਫਿਕੇਟ ਦੀਆਂ ਕਾਪੀਆਂ ਦੇ ਦੇਵੇਗਾ। ਇਸ ਲਈ ਅਪੀਲਕਰਤਾ ਮਿਤੀ 1-3-2020 ਤੋਂ 05-03-2020 ਤੱਕ ਪੀ.ਆਈ.ਓ. ਨਾਲ ਸੰਪਰਕ ਕਰਕੇ ਉਨ੍ਹਾਂ ਦੇ ਦਫਤਰ ਜਾ ਕੇ ਰਿਕਾਰਡ ਵੇਖਗਾ। ਉੱਤਰਦਾਤਾ ਵਲੋਂ ਸਨਾਖਤ ਕੀਤੇ ਗਏ ਦਸਤਾਵੇਜ਼ ਦੇ ਦੇਵੇਗਾ ਅਤੇ ਕਮਿਸ਼ਨ ਨੂੰ ਸੂਚਿਤ ਕੀਤਾ ਜਾਵੇਗਾ। ਇਸ ਹਦਾਇਤ ਨਾਲ ਇਹ ਕੇਸ **ਅਗਲੀ ਸੁਣਵਾਈ ਲਈ ਮਿਤੀ 17-03-2020 ਨੂੰ ਸਵੇਰੇ 11.30 ਵਜੇ ਲਈ ਨਿਸਚਿਤ** ਕੀਤਾ ਗਿਆ ਸੀ।

(ਨਿਧੱੜਕ ਸਿੰਘ ਬਰਾੜ)
ਮਿਤੀ: ਚੰਡੀਗੜ੍ਹ, 05 ਫਰਵਰੀ, 2020. ਰਾਜ ਸੂਚਨਾ ਕਮਿਸ਼ਨਰ, ਪੰਜਾਬ

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ੍ਰੀ ਗੁਰਸੇਵਕ ਸਿੰਘ ਸਹਾਇਕ ਪ੍ਰੋਫੈਸਰ,
ਪੁੱਤਰ ਸ੍ਰੀ ਗਿਆਨ ਸਿੰਘ, ਮਕਾਨ ਨੰ: Z-2, 06852
ਗੱਲੀ ਨੰ: 11/3 ਪਾਵਰ ਹਾਉਸ ਰੋਡ, ਬਠਿੰਡਾ 151001 -------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਫਸਰ, ਦਫਤਰ ਰਜਿਸਟਰਾਰ,
ਪੰਜਾਬੀ ਯੂਨੀਵਰਸਿਟੀ, ਪਟਿਆਲਾ।
ਪਹਿਲੀ ਅਪੀਲੀ ਅਥਾਰਟੀ ਕਮ ਰਜਿਸਟਰਾਰ,
ਪੰਜਾਬੀ ਯੂਨੀਵਰਸਿਟੀ, ਪਟਿਆਲਾ। -------ਉੱਤਰਦਾਤਾ

**ਅਪੀਲ ਕੇਸ ਨੰ: 3882 ਆਫ 2019**

**ਹਾਜ਼ਰ**

1) ਅਪੀਲਕਰਤਾ ਵਲੋਂ ਕੋਈ ਨਹੀਂ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ੍ਰੀ ਵਿਕਰਾਂਤ ਸ਼ਰਮਾਂ ਵਕੀਲ ।

**ਹੁਕੱਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 03-08-2019 , ਲੋਕ ਸੂਚਨਾ ਅਧਿਕਾਰੀ ਦਫਤਰ ਰਜਿਸਟਰਾਰ, ਪੰਜਾਬੀ ਯੂਨੀਵਰਸਿਟੀ, ਪਟਿਆਲਾ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਉਸ ਦੀ ਨਿੱਜੀ ਮਿਸਲ ਜ਼ੋ ਪੰਜਾਬੀ ਯੂਨੀਵਰਸਿਟੀ ਪਟਿਆਲਾ ਵਿਖੇ ਮੇਨਟੇਨ ਕੀਤੀ ਗਈ ਹੈ ਦੀਆਂ ਕਾਪੀਆਂ ਅਕਤੂਬਰ, 2018 ਤੋਂ ਲੈ ਕੇ ਹੁਣ ਤੱਕ ਦੀ ਮੰਗ ਕੀਤੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 14-09-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 17-10-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 29-11-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 20-01-2020 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਪਿਛਲੀ ਮਿਤੀ 20-01-2020 ਨੂੰ ਅਪੀਲਕਰਤਾ ਵਲੋਂ ਕੋਈ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਹਾਜ਼ਰ ਨਾ ਹੋਣ ਬਾਰੇ ਕੋਈ ਸੂਚਨਾ ਪ੍ਰਾਪਤ ਹੋਈ ਹੈ। ਉੱਤਰਦਾਤਾ ( ਲੋਕ ਸੂਚਨਾ ਅਫਸਰ ) ਵਲੋਂ ਸ੍ਰੀ ਵਿਕਰਾਂਤ ਸ਼ਰਮਾਂ ਵਕੀਲ ਹਾਜ਼ਰ ਹੋਇਆ, ਉਸ ਵਲੋਂ ਪੱਤਰ ਨੰ: 168/ਐਸ-3/861-19/ਆਰ.ਟੀ.ਆਈ ਸੈਲ, ਮਿਤੀ 09-01-2020 ਪੇਸ਼ ਕੀਤਾ ਗਿਆ (ਪਹਿਲਾਂ ਹੀ ਮਿਤੀ 13-01-2020 ਨੂੰ ਪ੍ਰਾਪਤ ਹੋ ਚੁੱਕਾ ਹੈ ਅਤੇ ਮਿਸਲ ਤੇ ਉਪਲਭਧ ਹੈ) ਦਸਿਆ ਗਿਆ ਹੈ ਕਿ ਅਪੀਲਕਰਤਾ ਨੂੰ ਪੱਤਰ ਮਿਤੀ 6-9-2019 ਰਾਹੀ਼ ਪੈਸੇ ਜਮਾਂ ਕਰਾਉਣ ਲਈ ਲਿਖਿਆ ਗਿਆ ਸੀ, ਇਸ ਉਪਰੰਤ ਪੱਤਰ ਮਿਤੀ 25-09-2019 ਰਾਹੀਂ ਵੀ ਰਾਸ਼ੀ ਜਮਾਂ ਕਰਵਾਉਣ ਲਈ ਲਿਖਿਆ ਗਿਆ ਸੀ ਪਰ ਇਹ ਦੋਵੇ ਪੱਤਰ ਡਾਕਖਾਨੇ ਵਲੋਂ ਇਹ ਲਿਖ ਕੇ ਵਾਪਸ ਆਇਆ ਕਿ ਇਸ ਪਤੇ ਤੇ ਇਹ ਵਿਅਕਤੀ ਨਹੀ਼ ਰਹਿੰਦਾ। ਉਸ ਵਲੋਂ ਕੀਤੀ ਗਈ ਅਪੀਲ ਉਪਰੰਤ ਮਿਤੀ 23-12-2019 ਨੂੰ ਮੁੜ ਨਵੇਂ ਪਤੇ ਤੇ ਪੱਤਰ ਲਿਖਿਆ ਗਿਆ। ਜਿਸ ਉਪਰੰਤ ਉਸ ਵਲੋਂ ਪੱਤਰ ਮਿਤੀ 03-01-2020 ਬਿਨੈਕਾਰ ਵਲੋ ਪ੍ਰਾਪਤ ਹੋਇਆ, ਜਿਸ ਉਪਰੰਤ ਉਸਨੂੰ ਪੱਤਰ ਮਿਤੀ 6-1-2020 ਰਾਹੀਂ ਸੂਚਨਾ ਮੁਹੱਈਆ ਕਰਵਾ ਦਿੱਤੀ ਗਈ ਹੈ। ਰਸੀਦ ਦੀ ਕਾਪੀ ਵੀ ਪੇਸ਼ ਕੀਤੀ ਗਈ ਹੈ।

ਪਰ ਅਪੀਲਕਰਤਾ ਪੇਸ਼ੀ ਤੇ ਹਾਜ਼ਰ ਨਹੀਂ ਹੋਇਆ, ਫਿਰ ਵੀ ਉਸਨੂੰ ਇਕ ਹੋਰ ਮੋਕਾ ਦਿੰਦੇ ਹੋਏ ਹਦਾਇਤ ਕੀਤੀ ਗਈ ਸੀ ਕਿ ਪ੍ਰਾਪਤ ਸੂਚਨਾ ਵਿਚ ਕੋਈ ਤਰੁੱਟੀਆਂ ਪਾਈਆਂ ਜਾਂਦੀਆਂ ਹਨ ਤਾਂ ਸਿੱਧੇ ਤੌਰ ਤੇ ਲੋਕ ਸੂਚਨਾ ਅਧਿਕਾਰੀ ਨੂੰ ਲਿਖਦੇ ਹੋਏ ਕਮਿਸ਼ਨ ਨੂੰ ਸੂਚਿਤ ਕੀਤਾ ਜਾਵੇ। ਇਸ ਦੇ ਨਾਲ ਹੀ ਉੱਤਰਦਾਤਾ ਨੂੰ ਹਦਾਇਤ ਕੀਤੀ ਗਈ ਸੀ ਕਿ ਅਪੀਲਕਰਤਾ ਵਲੋਂ ਦਸੀਆਂ ਗਈਆਂ ਤਰੁੱਟੀਆਂ ਦੂਰ ਕਰਦੇ ਹੋਏ ਅਗਲੀ ਪੇਸ਼ੀ ਤੋਂ ਪਹਿਲਾਂ ਪਹਿਲਾਂ ਉਸਨੂੰ ਲਿਖਤੀ ਰੂਪ ਵਿਚ ਭੇਜਦੇ ਹੋਏ ਕਮਿਸ਼ਨ ਨੂੰ ਸੂਚਿਤ ਕੀਤਾ ਜਾਵੇ। ਇਸ ਹਦਾਇਤ ਨਾਲ ਇਹ ਅਪੀਲ ਕੇਸ ਅਗਲੀ ਸੁਣਵਾਈ ਲਈ ਮਿਤੀ 05-02-2020 ਨੂੰ ਸਵੇਰੇ 11.30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅਪੀਲਕਰਤਾ ਵਲੋਂ ਕੋਈ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਅਤੇ ਨਾ ਹੀ ਹਾਜ਼ਰ ਨਾ ਹੋਣ ਬਾਰੇ ਕੋਈ ਸੂਚਨਾ ਪ੍ਰਾਪਤ ਹੋਈ ਹੈ।।

3. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ੍ਰੀ ਵਿਕਰਾਂਤ ਸ਼ਰਮਾਂ ਵਕੀਲ ਹਾਜ਼ਰ ਹੋਇਆ, ਉਸ ਵਲੋਂ ਦਸਿਆ ਗਿਆ ਕਿ ਅਪੀਲਕਰਤਾ ਵਲੋਂ ਅਜੇ ਤੱਕ ਕੋਈ ਤਰੁੱਟੀਆਂ ਨੋਟ ਨਹੀਂ ਕਰਵਾਈਆਂ ਗਈਆਂ ਅਤੇ ਨਾਂ ਹੀ ਕਮਿਸ਼ਨ ਨੂੰ ਅਪੀਲਕਰਤਾ ਵਲੋਂ ਤਰੁੱਟੀਆਂ ਸਬੰਧੀ ਕੋਈ ਪੱਤਰ ਪ੍ਰਾਪਤ ਹੋਇਆ ਹੈ। ਇਸ ਤਰ੍ਹਾਂ ਸਪਸ਼ੱਟ ਹੈ ਕਿ ਅਪੀਲਕਰਤਾ ਪ੍ਰਾਪਤ ਹੋਈ ਸੂਚਨਾ ਤੋਂ ਸੰਤੁਸ਼ਟ ਹੈ। ਇਸ ਲਈ ਇਸ ਕੇਸ ਵਿਚ ਹੋਰ ਕਾਰਵਾਈ ਦੀ ਲੋੜ ਨਹੀ। ਇਸ ਲਈ **ਇਹ ਅਪੀਲ ਕੇਸ ਦਾਖਲ ਦਫਤਰ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**

**ਮਿਤੀ: ਚੰਡੀਗੜ੍ਹ, 05 ਫਰਵਰੀ, 2020.** **ਰਾਜ ਸੂਚਨਾ ਕਮਿਸ਼ਨਰ, ਪੰਜਾਬ**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**